ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਬੁੱਧਵਾਰ, 11 ਫਰਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੨੯ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਭਾਰਤ ਨਾਲ ਮੈਚ ਖੇਡਣ ਲਈ ਰਾਜ਼ੀ ਹੋਇਆ ਪਾਕਿਸਤਾਨ

### ਪਾਕਿਸਤਾਨ ਸਰਕਾਰ ਨੇ ਸੋਸ਼ਲ ਮੀਡੀਆ ਅਕਾਊਂਟ 'ਐਕਸ' 'ਤੇ ਪੋਸਟ ਪਾ ਕੇ ਕੀਤੀ ਪੁਸ਼ਟੀ

ਨਵੀਂ ਦਿੱਲੀ, 10 ਫਰਵਰੀ (ਆਵਾਜ਼ਿ ਕੌਮ ਬਿਊਰੋ)- ਟੀ-20 ਵਿਸ਼ਵ ਕੱਪ ਦੌਰਾਨ 15 ਫਰਵਰੀ ਨੂੰ ਭਾਰਤ ਅਤੇ ਪਾਕਿਸਤਾਨ ਵਿਚਕਾਰ ਖੇਡਿਆ ਜਾਵੇਗਾ। ਪਾਕਿਸਤਾਨ ਸਰਕਾਰ ਨੇ ਸੋਮਵਾਰ ਰਾਤ ਨੂੰ ਆਪਣੇ ਐਕਸ ਅਕਾਊਂਟ 'ਤੇ ਇੱਕ ਪੋਸਟ ਪਾ ਕੇ ਇਸਦੀ ਪੁਸ਼ਟੀ ਕੀਤੀ। ਪੋਸਟ ਵਿੱਚ ਕਿਹਾ ਗਿਆ ਹੈ ਕਿ ਸ਼੍ਰੀਲੰਕਾ ਦੇ ਰਾਸ਼ਟਰਪਤੀ ਅਨੁਰਾ ਕੁਮਾਰਾ ਦਿਸਾਨਾਯਕੇ ਨੇ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੂੰ ਫ਼ੋਨ ਕੀਤਾ ਅਤੇ ਉਨ੍ਹਾਂ ਨੂੰ ਭਾਰਤ ਵਿਰੁੱਧ ਮੈਚ ਖੇਡਣ ਦੀ ਅਪੀਲ ਕੀਤੀ। ਇਸ ਤੋਂ ਇਲਾਵਾ ਬੰਗਲਾਦੇਸ਼ ਕ੍ਰਿਕਟ ਬੋਰਡ ਦੇ ਪ੍ਰਧਾਨ ਅਮੀਨੁਲ ਇਸਲਾਮ ਨੇ ਵੀ ਪਾਕਿਸਤਾਨ ਕ੍ਰਿਕਟ ਬੋਰਡ ਨੂੰ ਮੈਚ ਖੇਡਣ ਦੀ ਸਿਫਾਰਸ਼ ਕੀਤੀ। ਜ਼ਿਕਰਯੋਗ ਹੈ ਕਿ ਪਾਕਿਸਤਾਨ ਨੇ ਟੀ-20 ਵਿਸ਼ਵ ਕੱਪ ਤੋਂ ਬੰਗਲਾਦੇਸ਼ ਨੂੰ ਬਾਹਰ ਕੀਤੇ ਜਾਣ ਦੇ ਵਿਰੋਧ ਵਿੱਚ 1 ਫਰਵਰੀ ਨੂੰ ਭਾਰਤ ਵਿਰੁੱਧ ਮੈਚ ਦਾ ਬਾਈਕਾਟ ਕਰਨ ਦਾ ਐਲਾਨ ਕੀਤਾ ਸੀ। ਹਾਲਾਂਕਿ ਉਹ ਟੂਰਨਾਮੈਂਟ ਦੇ ਬਾਕੀ ਮੈਚ ਖੇਡਣ ਲਈ ਸਹਿਮਤ ਹੋ ਗਿਆ ਸੀ। ਹੁਣ 15 ਫਰਵਰੀ ਨੂੰ ਸ੍ਰੀਲੰਕਾ ਦੇ ਪ੍ਰੇਮਦਾਸ ਸਟੇਡੀਅਮ 'ਚ ਮੈਚ ਖੇਡਿਆ ਜਾਵੇਗਾ।

## ਦਿੱਲੀ ਬੰਬ ਧਮਾਕਿਆਂ 'ਚ ਭਾਈ ਭੁੱਲਰ ਦੀ ਰਿਹਾਈ 'ਤੇ ਵੱਡਾ ਫੈਸਲਾ

# ਤਰਸਯੋਗ ਰਿਹਾਈ ਦੀ ਅਪੀਲ ਰੱਦ, 28 ਸਾਲਾਂ ਬਾਅਦ ਵੀ ਜੇਲ੍ਹ 'ਚ






ਨਵੀਂ ਦਿੱਲੀ, 10 ਫਰਵਰੀ (ਆਵਾਜ਼ਿ ਕੌਮ ਬਿਊਰੋ)- 1993 ਦੇ ਦਿੱਲੀ ਬੰਬ ਧਮਾਕਿਆਂ ਦੇ ਮਾਮਲੇ 'ਚ ਭਾਈ ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ ਦੀ ਤਰਸਯੋਗ ਰਿਹਾਈ ਦੀ ਅਪੀਲ ਰੱਦ ਕਰ ਦਿੱਤੀ ਗਈ ਹੈ। ਸਜ਼ਾ ਸਮੀਖਿਆ ਬੋਰਡ ਨੇ ਇਹ ਫੈਸਲਾ 23 ਦਸੰਬਰ, 2025 ਨੂੰ ਕੀਤਾ। ਇਸ ਕੇਸ ਦੀ ਅਗਲੀ ਸੁਣਵਾਈ 13 ਫਰਵਰੀ ਹੈ। 51 ਉਮਰ ਕੈਦ ਦੇ ਮਾਮਲਿਆਂ 'ਤੇ ਵਿਚਾਰ ਕਰਨ ਲਈ ਇੱਕ ਮੀਟਿੰਗ ਹੋਈ। ਸਜ਼ਾ ਸਮੀਖਿਆ ਬੋਰਡ ਨੇ ਪ੍ਰੋਫੈਸਰ ਭੁੱਲਰ ਸਣੇ 25 ਦੋਸ਼ੀਆਂ ਦੀ ਰਿਹਾਈ ਦੀਆਂ ਬੇਨਤੀਆਂ ਨੂੰ ਰੱਦ ਕਰ ਦਿੱਤਾ। ਭੁੱਲਰ ਇਸ ਸਮੇਂ ਅੰਮ੍ਰਿਤਸਰ ਦੇ ਗੁਰੂ ਨਾਨਕ ਹਸਪਤਾਲ ਵਿੱਚ ਇਲਾਜ ਅਧੀਨ ਹੈ। ਇਹ ਧਿਆਨ ਦੇਣ ਯੋਗ ਹੈ ਕਿ ਦਵਿੰਦਰਪਾਲ ਸਿੰਘ ਭੁੱਲਰ ਪਿਛਲੇ 28 ਸਾਲਾਂ ਤੋਂ ਜੇਲ੍ਹ ਵਿੱਚ ਹਨ ਅਤੇ ਪਿਛਲੇ 14 ਸਾਲਾਂ ਤੋਂ ਅੰਮ੍ਰਿਤਸਰ ਦੇ ਸਰਕਾਰੀ ਹਸਪਤਾਲ ਵਿੱਚ ਇਲਾਜ ਅਧੀਨ ਹਨ। ਸੁਪਰੀਮ ਕੋਰਟ ਨੇ 2014 ਵਿੱਚ ਉਨ੍ਹਾਂ ਦੀ ਮੌਤ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਬਦਲ ਦਿੱਤਾ ਸੀ। ਉਸ ਸਮੇਂ, ਅਦਾਲਤ ਨੇ ਉਨ੍ਹਾਂ ਦੀ ਮਾਨਸਿਕ ਸਥਿਤੀ ਅਤੇ ਰਹਿਮ ਦੀ ਅਪੀਲ ਵਿੱਚ ਦੇਰੀ ਨੂੰ ਵੀ ਧਿਆਨ ਵਿੱਚ ਰੱਖਿਆ ਸੀ। ਦਵਿੰਦਰਪਾਲ ਸਿੰਘ ਭੁੱਲਰ ਦਾ ਜਨਮ 1960 ਦੇ ਆਸਪਾਸ ਬਠਿੰਡਾ ਜ਼ਿਲ੍ਹੇ ਵਿੱਚ ਹੋਇਆ ਸੀ। ਉਹ ਲੁਧਿਆਣਾ ਦੇ ਗੁਰੂ ਨਾਨਕ ਇੰਜੀਨੀਅਰਿੰਗ ਕਾਲਜ ਤੋਂ ਕੈਮੀਕਲ ਇੰਜੀਨੀਅਰਿੰਗ ਗ੍ਰੈਜੂਏਟ ਹਨ। ਉਹ ਲੁਧਿਆਣਾ ਵਿੱਚ ਲੈਕਚਰਾਰ ਸਨ।

## ਦਿੱਲੀ ਸਰਕਾਰ ਵੱਲੋਂ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਪਟੀਸ਼ਨ ਨੂੰ ਰੱਦ ਕਰਨ 'ਤੇ ਐਡਵੋਕੇਟ ਧਾਮੀ ਨੇ ਕੀਤਾ ਇਤਰਾਜ਼

ਅੰਮ੍ਰਿਤਸਰ, 10 ਫ਼ਰਵਰੀ (ਆਵਾਜ਼ਿ ਕੌਮ ਬਿਊਰੋ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦਿੱਲੀ ਸਰਕਾਰ ਵੱਲੋਂ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਪਟੀਸ਼ਨ ਨੂੰ ਮੁੜ ਰੱਦ ਕਰਨ ਦੇ ਫੈਸਲੇ ਦੀ ਕਰੜੀ ਨਿੰਦਾ ਕਰਦਿਆਂ ਇਸ ਨੂੰ ਸਿੱਖਾਂ ਨਾਲ ਬੇਇਨਸਾਫ਼ੀ ਕਰਾਰ ਦਿੱਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪਹਿਲਾਂ ਆਮ ਆਦਮੀ ਪਾਰਟੀ ਦੀ ਸਰਕਾਰ ਸਮੇਂ ਕਈ ਵਾਰ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਪਟੀਸ਼ਨ ਸਜ਼ਾ ਸਮੀਖਿਆ ਬੋਰਡ ਵੱਲੋਂ ਰੱਦ ਕੀਤੀ ਗਈ ਸੀ ਅਤੇ ਹੁਣ ਭਾਜਪਾ ਦੀ ਸਰਕਾਰ ਵੀ ਉਸੇ ਰਸਤੇ 'ਤੇ ਚੱਲਦਿਆਂ ਸਿੱਖ ਭਾਵਨਾਵਾਂ ਦੇ ਵਿਰੁੱਧ ਫੈਸਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਜ਼ਾ ਸਮੀਖਿਆ ਬੋਰਡ ਵੱਲੋਂ ਕਈ ਕੈਦੀਆਂ ਦੀ ਸਜ਼ਾ ਮੁਆਫ਼ ਕਰਨ ਦੀ ਸਿਫ਼ਾਰਸ਼ ਕੀਤੀ ਗਈ ਹੈ, ਜਦਕਿ 33 ਸਾਲ ਤੋਂ ਸਜ਼ਾ ਭੁਗਤ ਰਹੇ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੇ ਮਾਮਲੇ ਨੂੰ ਰੱਦ ਕਰ ਦਿੱਤਾ ਗਿਆ ਹੈ। ਇਹ ਮਾਨਵੀ ਅਧਿਕਾਰਾਂ ਦਾ ਉਲੰਘਣ ਹੈ, ਜਿਸ ਨਾਲ ਸਿੱਖ ਜਗਤ ਅੰਦਰ ਨਿਰਾਸ਼ਾ ਪੈਦਾ ਹੋ ਰਹੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਭਾਜਪਾ ਇਕ ਪਾਸੇ ਸਿੱਖ ਹਤੈਸ਼ੀ ਹੋਣ ਦਾ ਦਾਅਵਾ ਕਰਦੀ ਹੈ, ਪਰ ਸਿੱਖਾਂ ਨਾਲ ਸਬੰਧਤ ਮਾਮਲਿਆਂ ਵਿਚ ਸਰਕਾਰ ਦੀ ਪਹੁੰਚ ਉਸ ਦੇ ਦੋਹਰੇ ਚਿਹਰੇ ਨੂੰ ਬਿਆਨ ਕਰਦੀ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਨੇ ਦੇਸ਼ ਲਈ ਹਮੇਸ਼ਾ ਵੱਡੀਆਂ ਕੁਰਬਾਨੀਆਂ ਕੀਤੀਆਂ ਹਨ, ਪ੍ਰੰਤੂ ਸਿੱਖਾਂ ਪ੍ਰਤੀ ਸਰਕਾਰਾਂ ਦੀ ਨਕਾਰਾਤਮਕ ਪਹੁੰਚ ਨੇ ਹਮੇਸ਼ਾ ਨਿਰਾਸ਼ਾ ਦਿੱਤੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਆਪਣੀ ਸਜ਼ਾ ਤੋਂ ਵਧੇਰੇ ਸਮਾਂ ਜੇਲ੍ਹ ਵਿਚ ਬਿਤਾ ਚੁੱਕੇ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੇ ਫੈਸਲੇ ਵਿਚ ਇਨਸਾਫ਼ ਕੀਤਾ ਜਾਵੇ ਅਤੇ ਉਨ੍ਹਾਂ ਦੀ ਤੁਰੰਤ ਰਿਹਾਈ ਕਰਨ ਦੇ ਆਦੇਸ਼ ਦਿੱਤੇ ਜਾਣ।



ਆਵਾਜ਼ਿ ਕੌਮ
AWAZE QAUM
International Newspaper & WEB TV

## ਗਵਾਲੀਅਰ ਵਿੱਚ ਕਲਸ਼ ਯਾਤਰਾ ਦੌਰਾਨ ਮਚੀ ਭਾਜੜ, ਇੱਕ ਔਰਤ ਦੀ ਮੌਤ, ਕਈ ਹੋਰ ਜ਼ਖਮੀ



ਗਵਾਲੀਅਰ (ਮੱਧ ਪ੍ਰਦੇਸ਼), 10 ਫਰਵਰੀ (ਆਵਾਜ਼ਿ ਕੌਮ ਬਿਊਰੋ)- ਮੱਧ ਪ੍ਰਦੇਸ਼ ਦੇ ਗਵਾਲੀਅਰ ਜ਼ਿਲ੍ਹੇ ਦੇ ਡਾਬਰਾ ਕਸਬੇ ਵਿੱਚ ਮੰਗਲਵਾਰ ਨੂੰ ਇੱਕ ਧਾਰਮਿਕ ਸਮਾਗਮ ਦੌਰਾਨ ਭਗਦੜ ਵਿੱਚ ਇੱਕ ਔਰਤ ਦੀ ਮੌਤ ਹੋ ਗਈ ਅਤੇ ਇੱਕ ਕੁੜੀ ਸਮੇਤ ਸੱਤ ਲੋਕ ਜ਼ਖਮੀ ਹੋ ਗਏ, ਪੁਲਿਸ ਅਧਿਕਾਰੀਆਂ ਨੇ ਦੱਸਿਆ। ਅਧਿਕਾਰੀਆਂ ਨੇ ਦੱਸਿਆ ਕਿ ਗਵਾਲੀਅਰ ਤੋਂ ਲਗਭਗ 45 ਕਿਲੋਮੀਟਰ ਦੂਰ ਡਾਬਰਾ ਵਿੱਚ ਸਾਬਕਾ ਮੰਤਰੀ ਅਤੇ ਭਾਰਤੀ ਜਨਤਾ ਪਾਰਟੀ (ਭਾਜਪਾ) ਨੇਤਾ ਨਰੋਤਮ ਮਿਸ਼ਰਾ ਵੱਲੋਂ ਬਣਾਏ ਗਏ ਨਵਗ੍ਰਹਿ ਮੰਦਰ ਦੇ ਪਵਿੱਤਰ ਸਮਾਰੋਹ ਦੇ ਮੌਕੇ 'ਤੇ ਮੰਗਲਵਾਰ ਨੂੰ ਕਲਸ਼ ਯਾਤਰਾ ਦਾ ਆਯੋਜਨ ਕੀਤਾ ਗਿਆ ਸੀ। ਗਵਾਲੀਅਰ ਦੀ ਜ਼ਿਲ੍ਹਾ ਮੈਜਿਸਟ੍ਰੇਟ ਰੁਚਿਕਾ ਚੌਹਾਨ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਮੰਗਲਵਾਰ ਸਵੇਰੇ ਡਾਬਰਾ ਸਟੇਡੀਅਮ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਕਲਸ਼ ਪ੍ਰਾਪਤ ਕਰਨ ਲਈ ਇਕੱਠੀਆਂ ਹੋਈਆਂ ਸਨ। ਭਗਦੜ ਦੌਰਾਨ ਝਗੜਾ ਹੋਇਆ। ਉਨ੍ਹਾਂ ਕਿਹਾ ਕਿ ਘਟਨਾ ਵਿੱਚ ਰਤੀ ਸਾਹੂ (70) ਦੀ ਮੌਤ ਹੋ ਗਈ, ਜਦੋਂ ਕਿ ਛੇ ਔਰਤਾਂ ਅਤੇ ਇੱਕ ਕੁੜੀ ਜ਼ਖਮੀ ਹੋ ਗਈ। ਚੌਹਾਨ ਦੇ ਅਨੁਸਾਰ, ਜ਼ਖਮੀਆਂ ਵਿੱਚੋਂ ਤਿੰਨ ਦਾ ਗਵਾਲੀਅਰ ਵਿੱਚ ਅਤੇ ਚਾਰ ਦਾ ਡਾਬਰਾ ਵਿੱਚ ਇਲਾਜ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਡਾਬਰਾ ਵਿੱਚ ਸਥਿਤੀ ਇਸ ਵੇਲੇ ਸ਼ਾਂਤੀਪੂਰਨ ਹੈ ਅਤੇ ਪ੍ਰਬੰਧਾਂ 'ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ। ਗਵਾਲੀਅਰ ਰੇਂਜ ਦੇ ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀ) ਅਰਵਿੰਦ ਸਕਸੈਨਾ ਨੇ ਕਿਹਾ ਕਿ ਕਲਸ਼ ਵੰਡ ਦੌਰਾਨ, ਵੱਡੀ ਗਿਣਤੀ ਵਿੱਚ ਔਰਤਾਂ ਇੱਕੋ ਸਮੇਂ ਅੱਗੇ ਵਧੀਆਂ, ਜਿਸ ਕਾਰਨ ਭਗਦੜ ਮਚ ਗਈ ਅਤੇ ਇੱਕ ਔਰਤ ਦੀ ਮੌਤ ਹੋ ਗਈ। ਉਨ੍ਹਾਂ ਕਿਹਾ ਕਿ ਘਟਨਾ ਦੇ ਮੱਦੇਨਜ਼ਰ ਡਾਬਰਾ ਵਿੱਚ ਵਾਧੂ ਪੁਲਿਸ ਬਲ ਤਾਇਨਾਤ ਕੀਤੇ ਗਏ ਹਨ ਅਤੇ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ।

ਆਵਾਜ਼ਿ ਕੌਮ
AWAZE QAUM
International Newspaper & WEB TV

## ਪੰਜਾਬ ਕੋਲ ਦੂਜੇ ਸੂਬਿਆਂ ਨੂੰ ਦੇਣ ਲਈ ਵਾਧੂ ਪਾਣੀ ਨਹੀਂ ਹੈ : ਮੀਤ ਹੇਅਰ



ਬਰਨਾਲਾ, 10 ਫਰਵਰੀ (ਆਵਾਜ਼ਿ ਕੌਮ ਬਿਊਰੋ)- ਸੰਗਰੂਰ ਤੋਂ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਕਿ ਸਾਡੇ ਵੱਲੋਂ ਪਾਣੀ ਦਾ ਮੁੱਦਾ ਕਈ ਵਾਰ ਉਠਾਇਆ ਗਿਆ ਹੈ । ਜਦੋਂ ਵੀ ਹਰਿਆਣਾ ਨਾਲ ਸਤਲੁਜ ਯਮੁਨਾ ਲਿੰਕ ਨਹਿਰ ਦੇ ਮੁੱਦੇ 'ਤੇ ਚਰਚਾ ਹੁੰਦੀ ਹੈ, ਅਸੀਂ ਕਹਿੰਦੇ ਹਾਂ ਕਿ ਪੰਜਾਬ ਕੋਲ ਪਾਣੀ ਦੀ ਘਾਟ ਹੈ ਅਤੇ ਪੰਜਾਬ ਦਾ ਜ਼ਿਆਦਾਤਰ ਹਿੱਸਾ ਡਾਰਕ ਜ਼ੋਨ ਵਿੱਚ ਹੈ । ਇਸ ਲਈ ਅਸੀਂ ਯਮੁਨਾ ਦੇ ਪਾਣੀ ਦੀ ਮੰਗ ਕਰ ਰਹੇ ਹਾਂ । ਉਨ੍ਹਾਂ ਕਿਹਾ ਕਿ ਹਰਿਆਣਾ ਅਤੇ ਰਾਜਸਥਾਨ ਹੋਰ ਪਾਣੀ ਦੀ ਮੰਗ ਕਰ ਰਹੇ ਹਨ ਜਦਿਕ ਉਨ੍ਹਾਂ ਨੂੰ ਬਣਦੇ ਹਿੱਸੇ ਅਨੁਸਾਰ ਪਾਣੀ ਦਿੱਤਾ ਜਾ ਰਿਹਾ ਹੈ ਪਰ ਉਨ੍ਹਾਂ ਵੱਲੋਂ ਲਗਾਤਾਰ ਰੌਲਾ ਪਾਇਆ ਜਾ ਰਿਹਾ ਹੈ ਜਦਿਕ ਪੰਜਾਬ ਵੱਲੋਂ ਉਨ੍ਹਾਂ ਦੇ ਪਾਣੀ ਦੇ ਹਿੱਸੇ 'ਚ ਕੋਈ ਕਟੌਤੀ ਨਹੀਂ ਕੀਤੀ ਗਈ। ਬਲਿਕ ਪੰਜਾਬ ਨੇ ਆਪਣੇ ਹਿੱਸੇ ਦੇ ਪੂਰੇ ਪਾਣੀ ਦੀ ਵਰਤੋਂ ਪੰਜਾਬ ਨੇ ਆਪਣੇ ਖੇਤਾਂ ਦੀ ਸਿੰਚਾਈ ਲਈ ਕਰਨੀ ਸ਼ੁਰੂ ਕਰ ਦਿੱਤੀ ਹੈ ਜਦਕਿ ਪਹਿਲਾਂ ਉਨ੍ਹਾਂ ਨੂੰ ਪੰਜਾਬ ਦੇ ਹਿੱਸੇ ਦਾ ਵੀ ਪਾਣੀ ਜਾਈ ਜਾਂਦਾ ਸੀ। ਪਰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੰਜਾਬ ਦੇ 60 ਫੀਸਦੀ ਖੇਤਾਂ ਨੂੰ ਨਹਿਰਾਂ ਦਾ ਪਾਣੀ ਦੇਣਾ ਸ਼ੁਰੂ ਕਰ ਦਿੱਤਾ। ਇਸੇ ਦੇ ਨਾਲ ਪੰਜਾਬ ਦੇ ਕਈ ਹਿੱਸਿਆਂ 'ਚ ਪਾਣੀ ਦੇ ਪੱਧਰ 'ਚ ਵੀ ਸੁਧਾਰ ਹੋਇ ਹੈ। ਅਸੀਂ ਇਹ ਮੁੱਦਾ ਸਦਨ ਵਿੱਚ ਵੀ ਉਠਾਇਆ। ਪੰਜਾਬ ਦੇ ਕਿਸਾਨਾਂ ਨੂੰ ਆਪਣੀਆਂ ਫਸਲਾਂ ਦੇ ਬਦਲ ਦੀ ਲੋੜ ਹੈ । ਸਰਕਾਰ ਨੂੰ ਉਨ੍ਹਾਂ ਦਾ ਸਮਰਥਨ ਕਰਨਾ ਚਾਹੀਦਾ ਹੈ ਤਾਂ ਜੋ ਕਿਸਾਨਾਂ ਨੂੰ ਲਾਭ ਹੋ ਸਕੇ। ਪ੍ਰਤਾਪ ਬਾਜਵਾ ਦੇ ਬਿਆਨ ਬਾਰੇ ਮੀਤ ਹੇਅਰ ਨੇ ਕਿਹਾ ਕਿ ਉਨ੍ਹਾਂ ਦਾ ਬਿਆਨ ਨਿੰਦਣਯੋਗ ਹੈ। ਇਹ ਉਨ੍ਹਾਂ ਦਾ ਪਹਿਲਾ ਬਿਆਨ ਨਹੀਂ ਹੈ, ਉਹ ਪਹਿਲਾਂ ਵੀ ਅਜਿਹੇ ਬਿਆਨ ਦੇ ਚੁੱਕੇ ਹਨ। ਉਨ੍ਹਾਂ ਦੇ ਅਜਿਹੇ ਬਿਆਨਾਂ ਤੋਂ ਪਤਾ ਚਲਦਾ ਹੈ ਕਿ ਕਾਂਗਰਸ ਪਾਰਟੀ ਦਲਿਤ ਭਾਈਚਾਰੇ ਨਾਲ ਕਿੰਨੀ ਨਫ਼ਰਤ ਕਰਦੀ ਹੈ। ਮੀਤ ਹੇਅਰ ਨੇ ਕਿਹਾ ਕਿ ਜਿਸ ਤਰ੍ਹਾਂ ਪ੍ਰਤਾਪ ਸਿੰਘ ਬਾਜਵਾ ਨੂੰ ਲੋਕਾਂ ਨੇ ਚੁਣ ਕੇ ਵਿਧਾਇਕ ਬਣਾਇਆ ਹੈ ਉਸੇ ਤਰ੍ਹਾਂ ਹਰਭਜਨ ਸਿੰਘ ਈ.ਟੀ.ਓ ਨੂੰ ਵੀ ਲੋਕਾਂ ਨੇ ਚੁਣਿਆ ਹੈ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਉਨ੍ਹਾਂ ਨੂੰ ਮੰਤਰੀ ਬਣਾਇਆ ਹੈ। ਉਨ੍ਹਾਂ ਅੱਗੇ ਕਿਹਾ ਈ.ਟੀ.ਓ. ਦੇ ਪਿਤਾ ਇੱਕ ਬੈਂਡ ਮੈਂਬਰ ਸਨ ਪਰ ਇਸ ਦੇ ਬਾਵਜੂਦ ਵੀ ਈ.ਟੀ.ਓ.ਪੀਸੀਐਸ ਅਫਸਰ ਬਣੇ, ਅਤੇ ਫਿਰ ਉਨ੍ਹਾਂ 2017 ਦੀਆਂ ਵਿਧਾਨ ਸਭਾ ਚੋਣਾਂ ਲੜੀਆਂ ਪਰ ਉਹ ਹਾਰ ਗਏ, ਪਰ ਉਨ੍ਹਾਂ ਨੇ ਪਾਰਟੀ ਨਹੀਂ ਛੱਡੀ ਅਤੇ ਪਾਰਟੀ ਲਈ ਕੰਮ ਕਰਦੇ ਰਹੇ । ਜੰਡਿਆਲਾ ਗੁਰੂ ਦੇ ਲੋਕਾਂ ਨੇ ਉਨ੍ਹਾਂ ਨੂੰ ਜਿਤਾਇਆ ਅਤੇ ਉਹ ਐਮ.ਐਲ.ਏ. ਬਣੇ, ਉਹ ਇੱਕ ਇਮਾਨਦਾਰ ਅਤੇ ਚੰਗਾ ਆਦਮੀ ਹੈ, ਪਰ ਉਹ ਬਦਕਿਸਮਤ ਹੈ ਕਿ ਪੰਜਾਬ ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਵਜਾ ਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਤੇ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਦਾ ਬਿਆਨ ਹੈ ਕਿ ਉਨ੍ਹਾਂ ਦਾ ਗਲਾ ਘੁੱਟ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਕਦੇ ਵੀ ਕਿਸੇ ਅਮੀਰ ਵਿਅਕਤੀ ਨੂੰ ਇਹ ਨਹੀਂ ਕਿਹਾ, ਪਰ ਉਹ ਇਹ ਸਿਰਫ਼ ਗਰੀਬਾਂ ਨੂੰ ਕਹਿੰਦੇ ਹਨ। ਐਸ.ਸੀ. ਕਮਿਸ਼ਨ ਨੇ ਨੋਟਿਸ ਜਾਰੀ ਕੀਤਾ ਹੈ ਅਤੇ ਇਹ ਉਨ੍ਹਾਂ ਦਾ ਹੱਕ ਸੀ । ਬਾਜਵਾ ਆਪਣੀ ਸੋਚ ਨਹੀਂ ਬਦਲ ਸਕਦੇ; ਉਨ੍ਹਾਂ ਨੂੰ ਮੁਆਫੀ ਮੰਗਣੀ ਚਾਹੀਦੀ ਹੈ।

## ਵਿਧਾਇਕ ਹਰਮੀਤ ਪਠਾਨਮਾਜਰਾ ਦੇ ਫੇਸਬੁੱਕ ਪੇਜ ਬਲਾਕ ਕੀਤੇ ਜਾਣ ਦੇ ਮਾਮਲੇ 'ਚ ਹਾਈ ਕੋਰਟ ਸਖ਼ਤ

### ਡੀ.ਜੀ.ਪੀ. ਪੰਜਾਬ, ਸਟੇਟ ਸਾਈਬਰ ਸੈੱਲ ਤੇ ਫੇਸਬੁੱਕ ਨੂੰ ਨੋਟਿਸ ਜਾਰੀ



ਚੰਡੀਗੜ੍ਹ, 10 ਫਰਵਰੀ (ਆਵਾਜ਼ਿ ਕੌਮ ਬਿਊਰੋ)- ਸਨੌਰ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਦੇ ਫੇਸਬੁੱਕ ਪੇਜ ਨੂੰ ਬਲਾਕ ਕੀਤੇ ਜਾਣ ਦੇ ਮਾਮਲੇ ਵਿੱਚ ਅੱਜ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਅਹਿਮ ਸੁਣਵਾਈ ਹੋਈ। ਅਦਾਲਤ ਨੇ ਇਸ ਮਾਮਲੇ 'ਤੇ ਸਖ਼ਤ ਰੁਖ ਅਖ਼ਤਿਆਰ ਕਰਦਿਆਂ ਸਬੰਧਤ ਧਿਰਾਂ ਤੋਂ ਜਵਾਬ ਤਲਬ ਕੀਤਾ ਹੈ। ਅਦਾਲਤ ਨੇ ਪਠਾਨਮਾਜਰਾ ਵੱਲੋਂ ਦਾਇਰ ਪਟੀਸ਼ਨ 'ਤੇ ਸੁਣਵਾਈ ਕਰਦੇ ਪੰਜਾਬ ਸਰਕਾਰ, ਡੀਜੀਪੀ ਪੰਜਾਬ, ਸਟੇਟ ਸਾਈਬਰ ਕ੍ਰਾਈਮ ਸੈੱਲ ਅਤੇ ਫੇਸਬੁੱਕ ਨੂੰ ਨੋਟਿਸ ਜਾਰੀ ਕੀਤੇ ਹਨ। ਹਾਈਕੋਰਟ ਨੇ ਨੋਟਿਸ ਜਾਰੀ ਕਰਦਿਆਂ ਪੁੱਛਿਆ ਹੈ ਕਿ ਵਿਧਾਇਕ ਦਾ ਫੇਸਬੁੱਕ ਪੇਜ ਕਿਸ ਪ੍ਰਕਿਰਿਆ ਅਤੇ ਕਿਹੜੇ ਨਿਯਮਾਂ ਦੇ ਤਹਿਤ ਬਲਾਕ ਕੀਤਾ ਗਿਆ ਹੈ। ਅਦਾਲਤ ਨੇ ਸਰਕਾਰੀ ਪੱਖ ਅਤੇ ਸੋਸ਼ਲ ਮੀਡੀਆ ਕੰਪਨੀ ਨੂੰ ਸਪੱਸ਼ਟ ਕਰਨ ਲਈ ਕਿਹਾ ਹੈ ਕਿ ਕੀ ਇਸ ਕਾਰਵਾਈ ਦੌਰਾਨ ਕਾਨੂੰਨੀ ਪ੍ਰਕਿਰਿਆਵਾਂ ਦੀ ਪਾਲਣਾ ਕੀਤੀ ਗਈ ਸੀ ਜਾਂ ਨਹੀਂ ਅੱਜ ਦੀ ਕਾਰਵਾਈ ਤੋਂ ਬਾਅਦ ਅਦਾਲਤ ਨੇ ਕੇਸ ਦੀ ਅਗਲੀ ਸੁਣਵਾਈ 18 ਮਾਰਚ, 2026 ਲਈ ਤੈਅ ਕੀਤੀ ਹੈ।

## ਕੈਨੇਡਾ 'ਚ ਹਥਿਆਰਾਂ ਦੀ ਨੋਕ 'ਤੇ ਲੁੱਟ-ਖੋਹ ਕਰਨ ਦੇ ਮਾਮਲੇ ਵਿੱਚ 3 ਪੰਜਾਬੀਆਂ ਸਣੇ 4 ਨੌਜਵਾਨ ਗ੍ਰਿਫ਼ਤਾਰ

ਵੈਨਕੂਵਰ, 10 ਫਰਵਰੀ (ਆਵਾਜ਼ਿ ਕੌਮ ਬਿਊਰੋ)- ਕੈਨੇਡਾ ਤੋਂ ਇੱਕ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ, ਜਿਸ ਨੇ ਪੰਜਾਬੀਆਂ ਨੂੰ ਸ਼ਰਮਸਾਰ ਕਰ ਦਿੱਤਾ ਹੈ। ਦੱਸ ਦੇਈਏ ਕਿ ਕੈਨੇਡਾ ਦੇ ਨੌਰਥ ਵੈਨਕੂਵਰ ਵਿੱਚ 5 ਫਰਵਰੀ ਨੂੰ ਇਕ ਘਰ ਵਿੱਚ ਜ਼ਬਰਦਸਤੀ ਦਾਖਲ ਹੋਣ ਅਤੇ ਹਥਿਆਰਾਂ ਦੀ ਨੋਕ 'ਤੇ ਲੁੱਟ-ਖੋਹ ਕਰਨ ਦੇ ਮਾਮਲੇ ਵਿੱਚ 4 ਨੌਜਵਾਨਾਂ ਨੂੰ ਗ੍ਰਿਫ਼ਤਾਰ ਕਰ ਕੇ ਕਈ ਗੰਭੀਰ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਵਿੱਚ 3 ਪੰਜਾਬੀ ਨੌਜਵਾਨ ਵੀ ਸ਼ਾਮਲ ਹਨ। ਪੁਲਿਸ ਵੱਲੋਂ ਜਾਰੀ ਜਾਣਕਾਰੀ ਅਨੁਸਾਰ ਚਾਰਜ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਹਰਜੋਤ ਸਿੰਘ ਸਮਰਾ (29 ਸਾਲ), ਗੈਰੀ ਗੁਰਪ੍ਰੀਤ ਢਿੱਲੋਂ (33 ਸਾਲ), ਸਹਿਜਦੀਪ ਸਿੰਘ ਖੁੰਖੁਣ (26 ਸਾਲ) ਅਤੇ ਸ਼ੇਨ ਆਰੋਨ ਨਾਇਕਰ (31 ਸਾਲ) ਵਜੋਂ ਹੋਈ ਹੈ। ਇਨ੍ਹਾਂ ਚਾਰਾਂ ਖ਼ਿਲਾਫ਼ ਅਦਾਲਤ ਵਿੱਚ ਕਈ ਗੰਭੀਰ ਇਲਜ਼ਾਮ ਲਗਾਏ ਗਏ ਹਨ, ਜਿਨ੍ਹਾਂ ਵਿੱਚ ਹਥਿਆਰਾਂ ਦੀ ਨੋਕ 'ਤੇ ਲੁੱਟ-ਖੋਹ ਕਰਨਾ, ਘਰ ਵਿੱਚ ਜ਼ਬਰਦਸਤੀ ਦਾਖਲ ਹੋਣਾ, ਗੈ਼ਰ-ਕਾਨੂੰਨੀ ਤਰੀਕੇ ਨਾਲ ਬੰਧਕ ਬਣਾਉਣਾ, ਲੋਡਿਡ ਬੰਦੂਕ ਰੱਖਣਾ ਤੇ ਹਥਿਆਰ ਨਾਲ ਹਮਲਾ ਕਰਨਾ ਆਦਿ ਸ਼ਾਮਲ ਹਨ।

ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ ॥

# ਏਕ ਨੂਰ ਸਵੈ-ਸੇਵੀ ਸੰਸਥਾ ਰਜਿ:, ਪਠਲਾਵਾ

ਪਿੰਡ ਪਠਲਾਵਾ, ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਵਲੋਂ

**ਧੰਨ ਧੰਨ ਨੌਵੇਂ ਪਾਤਸ਼ਾਹ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ**

# 28ਵਾਂ ਸਲਾਨਾ ਸਹਾਇਤਾ ਵੰਡ ਸਮਾਗਮ

## ਪ੍ਰੋਗਰਾਮ

ਆਵਾਜ਼ਿ ਕੌਮ AWAZE QAUM International Newspaper & WEB TV

ਮਿਤੀ : 11 ਫਰਵਰੀ 2026, ਦਿਨ ਬੁੱਧਵਾਰ ।

ਸਹਾਇਤਾ ਵੰਡ ਸਮਾਗਮ : ਸਵੇਰੇ 10:00 ਵਜੇ ਤੋਂ ਬਾਅਦ ਦੁਪਹਿਰ 3:00 ਵਜੇ ਤੱਕ ।

ਸਥਾਨ : ਗਰਾਊਂਡ ਮਿਡਲ ਸਕੂਲ, ਪਿੰਡ ਐਮਾਂ ਜੱਟਾਂ, ਜ਼ਿਲਾ ਹੁਸ਼ਿਆਰਪੁਰ ਵਿਖੇ ।

ਉਦਘਾਟਨ : ਸੰਤ ਬਾਬਾ ਗੁਰਬਚਨ ਸਿੰਘ ਜੀ ਪਠਲਾਵੇ ਵਾਲੇ, ਯੋਗੀ ਦੇਵੀ ਨਾਥ ਐਮਾਂ ਜੱਟਾਂ ।

ਮੁੱਖ ਮਹਿਮਾਨ : ਸ: ਜਗਤਾਰ ਸਿੰਘ ਸਟੇਟ ਟੈਕਸ ਅਫ਼ਸਰ ਹੁਸ਼ਿਆਰਪੁਰ ।

ਵਿਸ਼ੇਸ਼ ਮਹਿਮਾਨ:
ਪਦਮਸ਼੍ਰੀ ਮਾਤਾ ਪ੍ਰਕਾਸ਼ ਕੌਰ ਜੀ, ਮੁੱਖ ਸੰਚਾਲਿਕਾ ਯੂਨੀਕ ਹੋਮ, ਭਾਈ ਘੱਨਈਆ ਜੀ ਚੈਰੀਟੇਬਲ ਟਰੱਸਟ ਜਲੰਧਰ ।
ਸ: ਅਮਰੀਕ ਸਿੰਘ (ਨਿਸ਼ਕਾਮ ਟਿਫਨ ਸੇਵਾ ਸੁਸਾਇਟੀ, ਗੁਰੂ ਕੀ ਰਸੋਈ ਨਵਾਂਸ਼ਹਿਰ
ਸ਼੍ਰੀ ਯੋਗ ਰਾਜ ਮੈਰਾ, ਡਾਇਰੈਕਟਰ ਫਾਈਨਾਂਸੀਅਲ ਐਡਵਾਈਜ਼ਰ ਡਿਪਾਰਟਮੈਂਟ ਆਫ ਪੋਸਟ ਮਨੀਸੀਟਰੀ ਆਫ ਕੁਮਿਨੀਕੇਸ਼ਨ ਭਾਰਤ ਸਰਕਾਰ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ ਮੈਂਬਰ SGPC ਅੰਮ੍ਰਿਤਸਰ, ਸ: ਦਲਜੀਤ ਸਿੰਘ ਖੱਖ, ਡੀ.ਐਸ.ਪੀ, ਗੜ੍ਹਸ਼ੰਕਰ।
ਉਪਕਾਰ ਕੋਆਰਡੀਨੇਸ਼ਨ ਸੁਸਾਇਟੀ ਅਤੇ ਬੀ.ਡੀ.ਸੀ. ਨਵਾਂਸ਼ਹਿਰ ।
ਸ: ਸੁਰਜੀਤ ਸਿੰਘ (ਮੁੱਖ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ, ਨਵਾਂਸ਼ਹਿਰ
ਹਰਸੇਵਾ ਮੈਡੀਕਲ ਟਰੱਸਟ, ਯੂ.ਕੇ. ਮੋਰਾਂਵਾਲੀ ।, ਗ੍ਰੀਨ ਵਿਲੇਜ਼ ਸੁਸਾਇਟੀ, ਬੀਣੇਵਾਲ ।
ਉਪਕਾਰ ਐਜੂਕੇਸ਼ਨਲ ਐਂਡ ਚੈਰੀਟੇਬਲ ਟਰੱਸਟ, ਗੜ੍ਹਸ਼ੰਕਰ ।
ਮਾਤਾ ਅਮਰ ਕੌਰ, ਚਰਨ ਕੌਰ ਵੈਲਫੇਅਰ ਸੁਸਾਇਟੀ, ਭੂੰਗਰਨੀ, ਹੁਸ਼ਿਆਰਪੁਰ।
ਲੈਕ: ਰਜਿੰਦਰ ਕੁਮਾਰ ਸ਼ਰਮਾ, ਬੰਗਾ।, ਸਮਾਜ ਭਲਾਈ ਸਵੈ-ਸੇਵੀ ਸੰਸਥਾ, ਪਿੰਡ ਸੁੱਜੋਂ ।
ਗੁਰੂ ਨਾਨਕ ਮਿਸ਼ਨ ਇੰਟਰਨੈਸ਼ਨਲ ਚੈਰੀਟੇਬਲ ਹਸਪਤਾਲ ਕੁਲਪੁਰ, ਨਵਾਂਗਰਾ ।
ਸ: ਜਤਿੰਦਰ ਸਿੰਘ ਲਾਡੀ ਸਭ ਦਾ ਭਲਾ ਚੈਰੀਟੇਬਲ ਹਸਪਤਾਲ, ਸ਼ਿਕਾਰ ਮਾਛੀਆਂ (ਗੁਰਦਾਸਪੁਰ)
ਰਵਿੰਦਰ ਕੌਰ ਕਨੇਡਾ ਐਮਾਂ ਜੱਟਾਂ, ਸੁਰਿੰਦਰ ਸਿੰਘ ਯੂ.ਕੇ. ਐਮਾਂ ਜੱਟਾਂ,
ਡਾ: ਪਰਮਿੰਦਰ ਸਿੰਘ ਪ੍ਰਿੰਸੀਪਲ ਗੁਰੂ ਗੋਬਿੰਦ ਸਿੰਘ ਖਾਸਲਾ ਕਾਲਜ, ਮਾਹਿਲਪੁਰ ।
ਡਾ: ਤਰਸੇਮ ਸਿੰਘ ਭਿੰਡਰ ਪ੍ਰਿੰਸੀਪਲ ਸਿੱਖ ਨੈਸ਼ਨਲ ਕਾਲਜ, ਬੰਗਾ ।

ਇਸ ਮੌਕੇ ਤੇ ਧਾਰਮਿਕ ਪੁਸਤਕਾਂ ਦਾ ਲੰਗਰ ਲਗਾਇਆ ਜਾਵੇਗਾ ।

ਲਾਈਵ ਚੈਨਲ ਮਿਸਟਰ ਸਿੰਘ ਪ੍ਰੋਡੈਕਸ਼ਨ ਟੀ.ਵੀ. ਚੈਨਲ ਤੇ ਲਾਈਵ ਹੋਵੇਗਾ ।

ਸਨਮਾਨਿਤ ਸਖਸ਼ੀਅਤਾਂ ਅਤੇ ਸੰਸਥਾਵਾਂ
ਮੇਜ਼ਰ ਮਨਦੀਪ ਸਿੰਘ ਵੈਲਫੇਅਰ ਸੁਸਾਇਟੀ ਨਵਾਂਸ਼ਹਿਰ ।
ਸ: ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ, ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ, ਢਾਹਾਂ ਕਲੇਰਾਂ ।
ਡਾ: ਕਸ਼ਮੀਰ ਚੰਦ ਐਮ.ਐਸ. ਪੀ.ਸੀ.ਐਮ.ਐਸ.-1, ਸਰਜੀਕਲ ਸਪੈਸ਼ਲਿਸਟ, ਐਮ.ਜੇ. ਲਾਈਫ ਹਸਪਤਾਲ, ਬੰਗਾ
ਡਾ: ਨਿਰਮਲ ਕੁਮਾਰ, ਐਸ.ਐਮ.ਓ. ਸੀ.ਐਚ.ਸੀ. ਬੀਣੇਵਾਲ, ਰਿਟਾਇਰ ਪ੍ਰਿੰਸੀਪਲ ਜਗਮੋਹਨ ਸਿੰਘ ਡਾਂਡੀਆਂ ।
ਰਿਟਾਇਰ ਵਾਈਸ ਚਾਂਸਲਰ ਧਰਮਜੀਤ ਸਿੰਘ ਪਰਮਾਰ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ

ਸਿਲਾਈ ਮਸ਼ੀਨਾਂ ਦੀ ਵੰਡ : ਆਰਥਿਕ ਪੱਖ ਤੋਂ ਕਮਜ਼ੋਰ ਲੜਕੀਆਂ/ਵਿਧਵਾਵਾਂ ਨੂੰ ਸਿਲਾਈ ਮਸ਼ੀਨਾਂ ਦਿੱਤੀਆਂ ਜਾਣਗੀਆਂ ।
ਵੀਹਲ ਚੇਅਰ/ਟ੍ਰਾਈ ਸਾਇਕਲ ਦੀ ਵੰਡ: ਸਰੀਰਕ ਤੌਰ ਤੇ ਅਪੰਗ ਵਿਅਕਤੀਆਂ ਨੂੰ ਪ੍ਰਦਾਨ ਕੀਤੇ ਜਾਣਗੇ।

**ਸਿੱਖ ਵਿਦਵਾਨ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ ਵਾਲੇ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਜੀਵਨੀ ਤੇ ਚਾਨਣਾਂ ਪਾਉਣਗੇ ।**

ਅਜ਼ਾਦ ਰੰਗਮੰਚ ਰਜਿ: ਕਲਾ ਭਵਨ ਫਗਵਾੜਾ ਵਲੋਂ ਬੀਬੀ ਕੁਲਵੰਤ ਦੇ ਨਿਰਦੇਸ਼ਨਾ ਤਹਿਤ "ਗੁਰੂ ਤੇਗ ਬਹਾਦਰ ਬੋਲਿਆ" ਨਾਟਕ ਪੇਸ਼ ਕੀਤਾ ਜਾਵੇਗਾ ।

ਆਪ ਜੀ ਨੂੰ ਇਸ ਸਮਾਗਮ ਵਿੱਚ ਪਹੁੰਚਣ ਲਈ ਨਿੱਘਾ ਸੱਦਾ ਦਿੱਤਾ ਜਾਂਦਾ ਹੈ ।

ਚਾਹ ਪਕੌੜੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

ਉਡੀਕਵਾਨ : ਸਮੂਹ ਆਹੁਦੇਦਾਰ ਅਤੇ ਮੈਂਬਰਾਨ ਏਕ ਨੂਰ ਸਵੈ-ਸੇਵੀ ਸੰਸਥਾ (ਰਜਿ:) ਪਠਲਾਵਾ,
ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀ ਪਿੰਡ ਐਮਾਂ ਜੱਟਾਂ (ਹੁਸ਼ਿਆਰਪੁਰ)
ਮੋਬਾ: 98153-48143, 98140-23547

ਛਾਪਕ : ਸੱਲ੍ਹਣ ਪ੍ਰਿੰਟਿੰਗ ਪ੍ਰੈਸ, ਬੰਗਾ # 94646-34793, 98159-01698



350 ਸਾਲਾ ਸ਼ਹੀਦੀ ਦਿਵਸ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦੁਰ ਜੀ ਮਹਾਰਾਜ,
ਭਾਈ ਮਤੀਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਨੂੰ ਸਮਰਪਿਤ

ਸਲਾਨਾ ਗੁਰਮਤਿ ਸਮਾਗਮ

21 ਸਭਾਗੇ ਜੋੜਿਆਂ ਦੇ ਅਨੰਦ ਕਾਰਜ


ਮਹਾਨ ਨਗਰ ਕੀਰਤਨ
ਮਿਤੀ 21 ਫਰਵਰੀ 2026
ਸਵੇਰੇ 10 ਤੋਂ ਸ਼ਾਮ 3 ਵਜੇ ਤੱਕ

ਅੰਮ੍ਰਿਤ ਸੰਚਾਰ
ਮਿਤੀ 22 ਫਰਵਰੀ 2026 ਨੂੰ
ਦੁਪਹਿਰ 1 ਵਜੇ ਹੋਵੇਗਾ

ਮਿਤੀ
22 ਫਰਵਰੀ 2026

ਸਮਾਂ:-
ਸਵੇਰੇ 10 ਤੋਂ ਦੁਪਹਿਰ 3 ਵਜੇ ਤੱਕ

ਸਥਾਨ:-
ਗੁਰਦੁਆਰਾ
ਸ੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ
ਨੇੜੇ ਕਾਲਾਂਵਾਲੀ ਮੰਡੀ
ਜ਼ਿਲ੍ਹਾ ਸਿਰਸਾ (ਹਰਿਆਣਾ)



ਸਮਾਗਮ ਵਿੱਚ ਪੰਜ ਸ਼ਖਸ਼ੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ

ਇਸ ਸਮੇਂ ਮੈਡੀਕਲ ਕੈਂਪ ਲਗਾਇਆ ਜਾਵੇਗਾ ਅਤੇ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆਂ

ਬੇਨਤੀ ਕਰਤਾ - ਸੁੱਖ ਸੇਵਾ ਸਿਮਰਨ ਟਰਸੱਟ (ਰਜ਼ਿ) ਜੱਥਾ ਦਾਦੂ ਸਾਹਿਬ
ਸਮੂੰਹ ਨਗਰ ਅਤੇ ਇਲਾਕਾ ਨਿਵਾਸੀ ਸਾਧ ਸੰਗਤ

ਨੋਟ: ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਸੰਪਰਕ ਨੰ: 93560-60960, 97791-72813

LIVE ON
Akaal
CHARDIKLA TIME TV
Mr. Singh Production
ਆਵਾਜ਼ਿ ਕੌਮ AWAZE QAUM TV
YouTube
Jathedar Baljit Singh Khalsa Daduwal
SIKH SANGAT TV

ਅੰਬੈਸਡਰ ਫਾਰ ਪੀਸ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰੱਸਟ (ਰਜ਼ਿ:)
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ


ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net


ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ ਕੌਮ AWAZE QAUM
International Newspaper & WEB TV

# ਅੱਖਾਂ ਦਾ ਮੁਫ਼ਤ ਅਪ੍ਰੇਸ਼ਨ ਕੈਂਪ 16 ਫਰਵਰੀ ਦਿਨ ਸੋਮਵਾਰ ਨੂੰ

ਵਾਹਿਗੁਰੂ ਜੀ ਕਾ ਖਾਲਸਾ ॥
ਵਾਹਿਗੁਰੂ ਜੀ ਕੀ ਫਤਿਹ ॥

ਸਮੂਹ ਨਗਰ ਨਿਵਾਸੀਆਂ ਨੂੰ ਜਾਣਕਾਰੀ ਦਿੱਤੀ ਜਾਂਦੀ ਹੈ ਕਿ ਪਿੰਡ ਭੰਗਵਾਂ ਨੇੜੇ ਲੋਪੋਕੇ, ਜ਼ਿਲ੍ਹਾ



ਅੰਮ੍ਰਿਤਸਰ ਵਿਖ਼ੇ ਅੱਖਾਂ ਦਾ ਮੁਫ਼ਤ ਅਪ੍ਰੇਸ਼ਨ ਕੈਂਪ ਲੱਗ ਰਿਹਾ ਹੈ। ਇਹ ਕੈਂਪ ਪਿੰਡ ਭੰਗਵਾਂ ਦੇ ਗੁਰੁਦੁਆਰਾ ਸਾਹਿਬ ਵਿੱਚ 16 ਫਰਵਰੀ 2026 ਦਿਨ ਸੋਮਵਾਰ ਨੂੰ ਸਵੇਰੇ 9 ਵਜੇ ਤੋਂ ਦੁਪਿਹਰ 12 ਵਜੇ ਤੱਕ ਲੱਗੇਗਾ। ਜਿਸ ਵਿੱਚ ਅੱਖਾਂ ਦੇ ਰੋਗਾਂ ਦੇ ਮਾਹਿਰ ਡਾਕਟਰ ਪਹੁੰਚ ਰਹੇ ਹਨ। ਚਿੱਟੇ ਮੋਤੀਏ ਦੇ ਮੁਫ਼ਤ ਆਪ੍ਰੇਸ਼ਨ ਕੀਤੇ ਜਾਣਗੇ। ਲੋੜਵੰਦ ਮਰੀਜ਼ ਆਪਣੇ ਅਧਾਰ ਕਾਰਡ ਦੀ ਫੋਟੋ ਕਾਪੀ ਅਤੇ ਜੋ ਦਵਾਈਆਂ ਉਹ ਖਾਂਦੇ ਹਨ ਜਾਂ ਜਿਹੜੀਆਂ ਐਨਕਾਂ ਉਹ ਲਗਾਉਂਦੇ ਹਨ ਜਰੂਰ ਨਾਲ ਲੈ ਕੇ ਆਉਣ। ਚੈੱਕਅਪ ਤੋਂ ਬਾਅਦ ਅਪ੍ਰੇਸ਼ਨ ਵਾਲੇ ਮਰੀਜਾਂ ਨੂੰ ਦੁਪਿਹਰ 2 ਵਜੇ ਬੱਸ ਰਾਹੀਂ ਸ਼ੰਕਰਾ ਹਸਪਤਾਲ ਲੁਧਿਆਣਾ ਭੇਜਿਆ ਜਾਵੇਗਾ। ਜਿੱਥੇ ਮਰੀਜ਼ਾਂ ਦੇ ਅਪ੍ਰੇਸ਼ਨ ਹੋਣਗੇ, ਉਨ੍ਹਾਂ ਦੇ ਰਹਿਣ ਅਤੇ ਖਾਣ- ਪੀਣ ਦਾ ਵਧੀਆ ਤੇ ਮੁਫ਼ਤ ਪ੍ਰਬੰਧ ਹੋਵੇਗਾ।

**ਇਹ ਕੈਂਪ ਪਿੰਡ ਭੰਗਵਾਂ ਦੀ ਸੰਗਤ, ਭਾਈ ਜੁਗਰਾਜ ਸਿੰਘ ਭੰਗਵਾਂ ਅਤੇ ਬੀਬੀ ਜਸਮੀਤ ਕੌਰ ਛੀਨਾ ਵੱਲੋਂ ਸਾਂਝੇ ਤੌਰ ਤੇ ਲਗਾਇਆ ਜਾ ਰਿਹਾ ਹੈ।**

ਆਵਾਜ਼ਿ ਕੌਮ AWAZE QAUM International Newspaper & WEB TV

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :

**ਭਾਈ ਜੁਗਰਾਜ ਸਿੰਘ ਭੰਗਵਾਂ ਮੋਬਾਇਲ ਨੰ : 95921- 60315**
**ਬੀਬੀ ਜਸਮੀਤ ਕੌਰ ਛੀਨਾ ਮੋਬਾਇਲ ਨੰ : 98559 - 73085**




**ਸਾਹਿਬ ਸਤਿਗੁਰੂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਖਾਰਗਰ ਨਵੀਂ ਮੁੰਬਈ ਵਿਖੇ ਮਿਤੀ 28 ਫਰਵਰੀ ਅਤੇ 1 ਮਾਰਚ 2026 ਨੂੰ ਦੋ ਰੋਜ਼ਾ ਬਹੁਤ ਭਾਰੀ ਮਹਾਨ ਗੁਰਮਤਿ ਸਮਾਗਮ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾ ਦੀ ਅਗੁਵਾਈ 'ਚ ਮਹਾਰਾਸ਼ਟਰ ਦੀ ਸਰਕਾਰ ਦੀ ਦੇਖ ਰੇਖ ਹੇਠ ਕੀਤਾ ਜਾ ਰਿਹਾ ਹੈ।**

**ਸੰਗਤਾਂ ਨੂੰ ਬੇਨਤੀ ਹੈ ਇਹਨਾਂ ਸਮਾਗਮਾਂ 'ਚ ਹਾਜਰੀਆਂ ਭਰੋ ਅਤੇ ਲਾਹੇ ਪ੍ਰਾਪਤ ਕਰੋ ਜੀ।**




# 2 ਦਸੰਬਰ ਦੇ ਹੁਕਮਨਾਮੇ ਦੀ ਰੌਸ਼ਨੀ ਦੇ ਮੱਦੇਨਜਰ ਹੀ ਪੰਥਕ ਏਕਤਾ ਸੰਭਵ, ਹੋਲ ਮੁਹੱਲੇ ਤੇ ਹੋਏਗੀ ਵਿਸ਼ਾਲ ਅਕਾਲੀ ਕਾਨਫਰੰਸ



## ਇਕ ਵਿਅਕਤੀ ਇਕ ਅਹੁਦੇ ਦੇ ਤਹਿਤ ਹੀ ਹੋਣਗੀਆਂ ਨਿਯੁਕਤੀਆਂ

ਹੁਸ਼ਿਆਰਪੁਰ, 10 ਫਰਵਰੀ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤੀ ਦੀ ਇਕੱਤਰਤਾ ਗੁਰਦੁਆਰਾ ਰਾਮਪੁਰ ਖੇੜਾ ਸਾਹਿਬ ਵਿਖੇ ਹੋਈ। ਇਹ ਮੀਟਿੰਗ ਚਾਰੋਂ ਸਰਪ੍ਰਸਤ ਸੰਤ ਬਾਬਾ ਸੇਵਾ ਸਿੰਘ ਜੀ ਰਾਮਪੁਰ ਖੇੜੇ ਵਾਲੇ, ਸੰਤ ਬਾਬਾ ਸਰਬਜੋਤ ਸਿੰਘ ਜੀ ਬੇਦੀ, ਸਿੰਘ ਸਾਹਿਬ ਪ੍ਰੋਫੈਸਰ ਮਨਜੀਤ ਸਿੰਘ ਅਤੇ ਸਰਦਾਰ ਰਵੀ ਇੰਦਰ ਸਿੰਘ ਜੀ ਦੀ ਸਰਪ੍ਰਸਤੀ ਹੇਠ ਹੋਈ। ਇਸ ਮੀਟਿੰਗ ਵਿੱਚ ਪਾਰਟੀ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਸਮੇਤ ਸਮੁੱਚੀ ਲੀਡਰਸ਼ਿਪ ਹਾਜ਼ਰ ਹੋਈ ਅੱਜ ਦੀ ਵਿਸ਼ੇਸ਼ ਤੌਰ ਤੇ ਮੀਟਿੰਗ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਅੱਗੇ ਤੋਰਨ, ਹੋਲੇ ਮਹੱਲੇ ਤੇ ਅਕਾਲੀ ਕਾਨਫਰੰਸ ਕਰਾਉਣ ਅਤੇ ਪੰਜਾਬ ਤੇ ਪੰਥ ਨੂੰ ਦਰਪੇਸ਼ ਆ ਰਹੀਆਂ ਮੁਸ਼ਕਲਾਂ ਤੇ ਵਿਚਾਰਾਂ ਕੀਤੀਆਂ ਗਈਆਂ। ਸਮੁੱਚੀ ਲੀਡਰਸ਼ਿਪ ਨੇ ਬੜੇ ਹੀ ਸੁਖਾਵੇਂ ਮਾਹੌਲ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਅੱਗੇ ਤੋਰਨ ਲਈ ਪਾਰਟੀ ਪ੍ਰਧਾਨ ਨੂੰ ਅਧਿਕਾਰ ਦਿੱਤੇ। ਅੱਜ ਦੀ ਮੀਟਿੰਗ ਵਿੱਚ ਚਾਰੋਂ ਸਰਪ੍ਰਸਤਾਂ ਨੇ ਅਤੇ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਨੇ ਸਮੁੱਚੀ ਲੀਡਰਸ਼ਿਪ ਨਾਲ ਵਿਚਾਰਾਂ ਕਰਨ ਉਪਰੰਤ ਹੇਠ ਲਿਖੇ ਮਤੇ ਸਰਬਸੰਮਤੀ ਨਾਲ ਜੈਕਾਰਿਆਂ ਦੀ ਗੂੰਜ ਚ ਪਾਸ ਕੀਤੇ ਗਏ। ਮਤਾ 1- ਭਗੌੜੇ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਕਦੇ ਵੀ ਸਮਝੌਤਾ ਨਹੀਂ ਹੋਵੇਗਾ। ਸਮਝੌਤੇ ਹਮੇਸ਼ਾ ਸਿਧਾਂਤਾਂ ਅਤੇ ਫਲਸਫਿਆਂ ਮੁਤਾਬਿਕ ਹੁੰਦੇ ਹਨ। 2 ਦਸੰਬਰ 2024 ਦੇ ਹੁਕਮਨਾਮੇ ਦੀ ਰੌਸ਼ਨੀ ਵਿੱਚ ਜੋ ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਫਸੀਲ ਤੋਂ ਹੋਏ ਹੁਕਮਨਾਮੇ ਮੁਤਾਬਕ ਉਸ ਤੋਂ ਭਗੌੜਾ ਪ੍ਰਧਾਨ ਸੁਖਬੀਰ ਸਿੰਘ ਬਾਦਲ ਮੁੱਕਰਿਆ ਹੀ ਨਹੀਂ ਸਗੋਂ ਭੱਜਿਆ ਵੀ ਹੈ। ਸੋ ਹੁਕਮਨਾਮੇ ਦੀ ਪ੍ਰੋੜਤਾ ਕਰਦਿਆ ਉਸ ਭਗੌੜੇ ਪ੍ਰਧਾਨ ਨਾਲ ਉਦੋ ਤੱਕ ਸਮਝੌਤਾ ਨਹੀਂ ਹੋਵੇਗਾ ਜਦੋ ਤੱਕ ਉਹ ਹੁਕਮਨਾਮੇ ਦੀ ਪਾਲਣਾ ਕਰਦਿਆ ਤਿਆਗ ਦੀ ਭਾਵਨਾ ਨਹੀਂ ਦਿਖਾਉਂਦਾ ਮਤਾ 2-ਆਉਣ ਵਾਲੇ ਮਾਰਚ ਵਿੱਚ ਹੋਲੇ ਮਹੱਲੇ ਸਮਾਗਮ ਤੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਇੱਕ ਵਿਸ਼ਾਲ ਪੰਥਕ ਕਾਨਫਰੰਸ ਆਯੋਜਿਤ ਕੀਤੀ ਜਾਵੇਗੀ ਜਿਸ ਵਿੱਚ ਅਕਾਲੀ ਦਲ ਦਾ ਵਿਧੀ ਵਿਧਾਨ ਪੱਤਰ ਜਾਰੀ ਕੀਤਾ ਜਾਵੇਗਾ ਅਤੇ ਆਉਂਦੇ ਸਮੇਂ ਲਈ ਵੱਡੇ ਪ੍ਰੋਗਰਾਮ ਉਲੀਕੇ ਜਾਣਗੇ। ਮਤਾ 3- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਜਰਨਲ ਚੋਣਾਂ ਲਈ ਸਰਕਾਰਾਂ ਵਿਰੁੱਧ ਸੰਘਰਸ਼ ਅਰੰਭਿਆ ਜਾਵੇਗਾ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਨਿੱਤ ਦਿਹਾੜੇ ਹੋ ਰਹੇ ਘਪਲਿਆਂ ਸੰਬਧੀ ਸਰਗਰਮੀਆਂ ਕੀਤੀਆਂ ਜਾਣਗੀਆਂ। ਮਤਾ 4- ਜ਼ਿਲ੍ਹਾ ਜਥੇਦਾਰਾਂ ਅਤੇ ਹੋਰ ਅਹੁਦੇਦਾਰਾਂ ਦੀਆਂ ਨਿਯੁਕਤੀਆਂ ਕਰਕੇ ਜ਼ਿਲ੍ਹਾ ਪੱਧਰੀ ਵੱਡੇ ਪ੍ਰੋਗਰਾਮ ਕੀਤੇ ਜਾਣਗੇ। ਮਤਾ 5-ਅੱਜ ਦੀ ਮੀਟਿੰਗ ਵਿੱਚ ਇਹ ਅਹਿਮ ਮਤਾ ਵੀ ਵਿਚਾਰ ਕੇ ਉਸਤੇ ਮੋਹਰ ਲਗਾਈ ਗਈ ਕਿ ਇੱਕ ਵਿਅਕਤੀ ਇੱਕ ਹੀ ਅਹੁਦਾ ਲਵੇਗਾ ਜਿਸ ਕੋਲ ਇੱਕ ਅਹੁਦੇ ਤੋਂ ਵੱਧ ਅਹੁਦੇ ਹਨ ਉਹ ਆਪਣਾ ਇੱਕ ਅਹੁਦਾ ਰੱਖ ਕੇ ਬਾਕੀ ਅਹੁਦਿਆਂ ਤੋਂ ਅਸਤੀਫਾ ਪ੍ਰਧਾਨ ਨੂੰ ਸੌਂਪ ਦੇਣਗੇ। ਉਪਰੋਕਤ ਮਤਿਆਂ ਨੂੰ ਹੋਲੇ ਮਹੱਲੇ ਦੇ ਸਮਾਗਮ ਤੋਂ ਪਹਿਲਾਂ ਅਮਲੀ ਰੂਪ ਦੇ ਕੇ ਸੰਗਤਾਂ ਦੇ ਇਕੱਠ ਵਿੱਚ ਐਲਾਨਿਆ ਜਾਵੇਗਾ। ਅੱਜ ਦੀ ਇਕੱਤਰਤਾ ਵਿੱਚ ਜੈਕਾਰਿਆਂ ਦੀ ਗੂੰਜ ਵਿੱਚ ਇਹ ਮਤੇ ਪਾਸ ਕੀਤੇ ਗਏ, ਉਪਰੰਤ ਗੁਰਦੁਆਰਾ ਰਾਮਪੁਰ ਖੇੜਾ ਸਾਹਿਬ ਵਿਖੇ ਸੰਗਤੀ ਰੂਪ ਵਿੱਚ ਪਾਰਟੀ ਦੀ ਚੜ੍ਹਦੀਕਲਾ ਲਈ ਅਰਦਾਸ ਕਰਕੇ ਸਮਾਪਤੀ ਕੀਤੀ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਜੀ ਗੁਰਪ੍ਰਤਾਪ ਸਿੰਘ ਵਡਾਲਾ, ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ, ਸਰਦਾਰ ਸੁੱਚਾ ਸਿੰਘ ਛੋਟੇਪੁਰ, ਸੁਰਜੀਤ ਸਿੰਘ ਰੱਖੜਾ, ਗੋਬਿੰਦ ਸਿੰਘ ਲੌਂਗੋਵਾਲ, ਮਨਪ੍ਰੀਤ ਸਿੰਘ ਇਆਲੀ, ਸੰਤਾਂ ਸਿੰਘ ਉਦੇਪੁਰੀ, ਇਕਬਾਲ ਸਿੰਘ ਝੂੰਦਾ, ਪਰਮਿੰਦਰ ਸਿੰਘ ਢੀਂਡਸਾ, ਭਾਈ ਮਨਜੀਤ ਸਿੰਘ, ਸਰਵਨ ਸਿੰਘ ਫਿਲੌਰ, ਅਜੇ ਪਾਲ ਸਿੰਘ ਬਰਾੜ, ਰਣਜੀਤ ਸਿੰਘ ਸੱਜਲ, ਜਸਟਿਸ ਨਿਰਮਲ ਸਿੰਘ, ਹਰਜੀਤ ਕੌਰ ਤਲਵੰਡੀ, ਜਸਵੀਰ ਸਿੰਘ ਘੁੰਮਣ, ਰਘਵੀਰ ਸਿੰਘ ਰਾਜਾ ਸਾਂਸੀ, ਕਰਨੈਲ ਪੀਰ ਮੁਹੰਮਦ, ਮਨਜੀਤ ਸਿੰਘ ਦਸੂਆ, ਤੇਜਾ ਸਿੰਘ ਕਮਾਲਪੁਰ, ਭੁਪਿੰਦਰ ਸਿੰਘ ਸੇਖੂਪੁਰ ,ਅਜੇ ਪਾਲ ਸਿੰਘ ਮੀਰਾਕੋਟ, ਪ੍ਰੇਮਪਾਲ ਸਿੰਘ ਸਰਾਭਾ, ਗੁਰਜੀਤ ਸਿੰਘ ਤਲਵੰਡੀ, ਰਣਧੀਰ ਸਿੰਘ ਰੱਖੜਾ, ਮਨਿੰਦਰ ਸਿੰਘ ਧੰਨਾ, ਜਰਨੈਲ ਸਿੰਘ ਗੜ੍ਹਦੀਵਾਲਾ, ਹਰਪਾਲ ਸਿੰਘ ਮੰਝਪੁਰ, ਭਰਪੂਰ ਸਿੰਘ ਧਾਂਦਰਾ, ਬਾਬਾ ਹਰਦੀਪ ਸਿੰਘ ,ਰਣਜੀਤ ਸਿੰਘ ਔਲਖ, ਤਜਿੰਦਰ ਸਿੰਘ ਪੰਨੂ ਆਦਿ ਹਾਜ਼ਰ ਸਨ।

## ਇੱਕ ਨਜ਼ਰ...



## ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਬਾਬਾ ਦੀਪ ਸਿੰਘ ਸ਼ਹੀਦ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ

# 13 ਫਰਵਰੀ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ: ਬਾਬਾ ਬਿਬੇਕ ਸਿੰਘ

ਜੰਡਿਆਲਾ ਗੁਰੂ, 10 ਫਰਵਰੀ ( ਕੁਲਵੰਤ ਸਿੰਘ ਵਿਰਦੀ ) ਬੀਤੇ ਦਿਨ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਵਿਖੇ ਸਿੱਖ ਕੌਮ ਦੇ ਮਹਾਨ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ, ਭਗਤ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ ਦਿਹਾੜੇ ਨੂੰ ਸਮਰਪਿਤ ਅਤੇ ਧੰਨ ਧੰਨ ਸੰਤ ਬਾਬਾ ਸਾਧੂ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਆਰੰਭ ਕੀਤੀ ਗਈ ਇਨਾਂ ਸਮਾਗਮਾਂ ਸੰਬੰਧੀ ਜਾਣਕਾਰੀ ਦਿੰਦਿਆ ਹੋਇਆ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਜੰਡਿਆਲਾ ਗੁਰੂ ਦੇ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਗੁਰੂ ਸਾਹਿਬ ਜੀ ਦੀ ਕਿਰਪਾ ਸਦਕਾ ਸੰਗਤਾਂ ਦੇ ਸਹਿਯੋਗ ਨਾਲ ਭਗਤ ਰਵਿਦਾਸ ਜੀ,ਧੰਨ ਧੰਨ ਬਾਬਾ ਦੀਪ ਸਿੰਘ ਸ਼ਹੀਦ ਜੀ ਦੇ ਜਨਮ ਦਿਹਾੜਾ,ਸੰਤ ਬਾਬਾ ਸਾਧੂ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਅਤੇ ਸਰਬੱਤ ਦੇ ਭਲੇ ਲਈ 13 ਫਰਵਰੀ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਸੰਪੂਰਨਤਾ ਉਪਰੰਤ ਦੁਖ ਨਿਵਾਰਨ ਕੈਂਪ ਲਗਾਇਆ ਜਾਵੇਗਾ ਅਤੇ ਬੀਤੇ ਦਿਨੀਂ 2 ਫਰਵਰੀ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਲੜੀ ਆਰੰਭ ਕੀਤੀ ਗਈ ਹੈ ਅਤੇ ਨਾਲ ਹੀਂ ਸ੍ਰਨਾਂ ਸੁਖਮਨੀ ਸਾਹਿਬ ਜੀ ਦੇ ਪਾਠ ਆਰੰਭ ਕੀਤੇ ਗਏ ਹਨ ਤਿੰਨਾ ਦੇ ਭੋਗ ਤੋਂ ਉਪਰੰਤ ਧੁਰ ਕੀ ਬਾਣੀ ਇਲਾਹੀ ਗੁਰਬਾਣੀ ਦੇ ਹਰਜੱਸ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਜਾਵੇਗਾ ! ਸਮੂਹ ਇਲਾਕਾ ਨਿਵਾਸੀ ਸੰਗਤਾਂ ਨੂੰ ਸਮਾਗਮ ਚ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ !ਅਤੇ ਸੰਗਤਾਂ ਨੂੰ ਵਿਸੇਸ ਤੌਰ ਤੇ ਦੂਖ ਨਿਵਾਰਨ ਕੈਂਪਾਂ ਵਿੱਚ ਵੀ ਹਾਜ਼ਰੀ ਭਰਨ ਦੀ ਵੀ ਬੇਨਤੀ ਕੀਤੀ ਜਾਂਦੀ ਹੈ ਕਿਉਂਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਦੁਖਾਂ ਦਾ ਨਾਸ ਕਰਦੀ ਹੈ ਅਤੇ ਸੁਖਾਂ ਦਾ ਪ੍ਰਵੇਸ਼ ਕਰਦੀ ਹੈ ਇਸ ਲਈ ਦੂਖ ਨਿਵਾਰਨ ਕੈਂਪ ਦਾ ਵੀ ਹਿਸਾ ਜਰੂਰ ਬਣੋ ਇਨਾਂ ਦੂਖ ਨਿਵਾਰਨ ਕੈਂਪਾਂ ਦਾ ਮੇਨ ਮਨੋਰਥ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ ਹੋਣਾ ਅਤੇ ਗੁਰਬਾਣੀ ਪੜ੍ਹ ਕਿ ਸੰਗਤ ਕਰਕੇ ਆਪਣੇ ਜੀਵਨ ਰੂਪੀ ਫਰਜ ਨੂੰ ਨਿਭਾਉਣ ਲਈ ਆਪਿ ਜਪਹੁ ਅਵਰਾ ਨਾਮੁ ਜਪਾਵਹੁ ਨੂੰ ਸਮਰਪਿਤ ਹੋਣਾ !

ਆਵਾਜ਼ਿ ਕੌਮ AWAZE QAUM International Newspaper & WEB TV

# ਰਾਜਸਥਾਨ, ਪੰਜਾਬ ਨੂੰ 1 ਲੱਖ ਕਰੋੜ ਰੁਪਏ ਦੇ ਪਾਣੀ ਦੇ ਬਕਾਏ ਦਾ ਕਰੇ ਭੁਗਤਾਨ: ਵਿਕਰਮਜੀਤ ਸਿੰਘ ਸਾਹਨੀ

ਨਵੀਂ ਦਿੱਲੀ 10 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਅੱਜ ਸੰਸਦ ਵਿੱਚ ਪੰਜਾਬ ਦੇ ਤੇਜ਼ੀ ਨਾਲ ਵਿਗੜ ਰਹੇ ਪਾਣੀ ਸੰਕਟ ਦਾ ਮਹੱਤਵਪੂਰਨ ਮੁੱਦਾ ਉਠਾਇਆ। ਦਰਿਆਈ ਪਾਣੀਆਂ ਦੀ ਵੰਡ ਵਿੱਚ ਵੱਡੇ ਅਸੰਤੁਲਨ ਵੱਲ ਇਸ਼ਾਰਾ ਕਰਦੇ ਹੋਏ, ਡਾ. ਸਾਹਨੀ ਨੇ ਕਿਹਾ ਕਿ ਪੰਜਾਬ ਦੇ ਕੁੱਲ 25 ਐਮਏਐਫ ਦਰਿਆਈ ਪਾਣੀ ਵਿੱਚੋਂ, ਲਗਭਗ 70 ਪ੍ਰਤੀਸ਼ਤ, ਜਾਂ ਲਗਭਗ 19 ਐਮਏਐਫ, ਦੂਜੇ ਰਾਜਾਂ ਨੂੰ ਦਿੱਤਾ ਜਾ ਰਿਹਾ ਹੈ, ਜਦੋਂ ਕਿ ਨਹਿਰ ਅਤੇ ਟਿਊਬਵੈੱਲ ਸਿੰਚਾਈ 'ਤੇ ਬਹੁਤ ਜ਼ਿਆਦਾ ਨਿਰਭਰਤਾ ਕਾਰਨ ਪੰਜਾਬ ਦੇ ਭੂਮੀਗਤ ਪਾਣੀ ਦਾ ਪੱਧਰ ਚਿੰਤਾਜਨਕ ਤੌਰ 'ਤੇ ਘਟ ਰਿਹਾ ਹੈ। ਡਾ. ਸਾਹਨੀ ਨੇ ਰਾਜਸਥਾਨ ਵੱਲੋਂ ਪੰਜਾਬ ਨੂੰ ਦਰਿਆਈ ਪਾਣੀ ਦੀ ਵਰਤੋਂ ਲਈ ਬਕਾਇਆ 1 ਲੱਖ ਕਰੋੜ ਰੁਪਏ ਤੋਂ ਵੱਧ ਦੇ ਲੰਬੇ ਸਮੇਂ ਤੋਂ ਬਕਾਇਆ ਰਕਮ ਦੀ ਤੁਰੰਤ ਅਦਾਇਗੀ ਕਰਨ ਦੀ ਮੰਗ ਕੀਤੀ। ਪੰਜਾਬ ਦੇ ਕਾਨੂੰਨੀ ਅਤੇ ਇਤਿਹਾਸਕ ਅਧਿਕਾਰਾਂ ਨੂੰ ਉਜਾਗਰ ਕਰਦੇ ਹੋਏ, ਉਨ੍ਹਾਂ ਕਿਹਾ ਕਿ ਰਾਵੀ, ਸਤਲੁਜ ਅਤੇ ਬਿਆਸ ਦਰਿਆਵਾਂ ਦੇ ਇੱਕ ਰਿਪੇਰੀਅਨ ਰਾਜ ਵਜੋਂ, ਪੰਜਾਬ 1927 ਦੇ ਗੰਗ ਨਹਿਰ ਸਮਝੌਤੇ ਤਹਿਤ ਰਾਇਲਟੀ (ਸੀਨਿਓਰੇਜ) ਦਾ ਹੱਕਦਾਰ ਹੈ। 1956 ਤੋਂ ਬਾਅਦ ਇਹ ਭੁਗਤਾਨ ਬੰਦ ਕਰ ਦਿੱਤੇ ਗਏ ਸਨ, ਜੋ ਕਿ ਪੂਰੀ ਤਰ੍ਹਾਂ ਬੇਇਨਸਾਫ਼ੀ ਅਤੇ ਅਨੁਚਿਤ ਹੈ। ਡਾ. ਸਾਹਨੀ ਨੇ ਇਹ ਵੀ ਦੱਸਿਆ ਕਿ ਰਾਜਸਥਾਨ ਨਾਲ 1981 ਦੇ ਪਾਣੀ ਦੀ ਵੰਡ ਸਮਝੌਤੇ ਨੂੰ ਪੰਜਾਬ ਵਿਧਾਨ ਸਭਾ ਨੇ ਕਦੇ ਵੀ ਪ੍ਰਵਾਨਗੀ ਨਹੀਂ ਦਿੱਤੀ ਅਤੇ ਇਸ 'ਤੇ ਮੁੜ ਵਿਚਾਰ ਕਰਨ ਦੀ ਲੋੜ ਹੈ। ਜੇਕਰ ਇਨ੍ਹਾਂ ਅਸਮਾਨਤਾਵਾਂ ਨੂੰ ਜਲਦੀ ਹੱਲ ਨਹੀਂ ਕੀਤਾ ਗਿਆ, ਤਾਂ ਪੰਜਾਬ ਨੂੰ ਹੌਲੀ-ਹੌਲੀ ਮਾਰੂਥਲ ਬਣਨ ਦੇ ਗੰਭੀਰ ਜੋਖਮ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV



# ਜਰਨੈਲ ਸ਼ਾਮ ਸਿੰਘ ਅਟਾਰੀ ਦੇ 180ਵੇਂ ਸ਼ਹੀਦੀ ਦਿਹਾੜੇ ਮੌਕੇ ਪੰਜਾਬ ਸਰਕਾਰ ਵੱਲੋਂ ਨਰਾਇਣਗੜ੍ਹ ਅਤੇ ਅਟਾਰੀ ਵਿਖੇ ਰਾਜ ਪੱਧਰੀ ਸਮਾਗਮ ਕਰਵਾਇਆ ਗਿਆ

## ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਜਰਨੈਲ ਸ਼ਾਮ ਸਿੰਘ ਅਟਾਰੀ ਨੂੰ ਦਿੱਤੀ ਸ਼ਰਧਾਂਜਲੀ



ਜੰਡਿਆਲਾ ਗੁਰੂ 10 ਫਰਵਰੀ ( ਕੁਲਵੰਤ ਸਿੰਘ ਵਿਰਦੀ )- ਪੰਜਾਬ ਸਰਕਾਰ ਵੱਲੋਂ ਸਿੱਖ ਕੌਮ ਦੇ ਮਹਾਨ ਜਰਨੈਲ ਸ਼ਾਮ ਸਿੰਘ ਅਟਾਰੀ ਵਾਲਾ ਦਾ 180ਵਾਂ ਸ਼ਹੀਦੀ ਦਿਹਾੜਾ ਅੱਜ ਇੰਡੀਆ ਗੇਟ ਅਤੇ ਅਟਾਰੀ ਸਮਾਧ ਵਿਖੇ ਪੂਰੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਰਾਜ ਪੱਧਰੀ ਸ਼ਹੀਦੀ ਸਮਾਗਮ ਮੌਕੇ ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਮੁੱਖ ਮਹਿਮਾਨ ਅਤੇ ਸ: ਜਸਵਿੰਦਰ ਸਿੰਘ ਰਮਦਾਸ ਹਲਕਾ ਵਿਧਾਇਕ ਅਟਾਰੀ ਤੇ ਡਾ. ਜਸਬੀਰ ਸਿੰਘ ਸੰਧੂ ਵਿਧਾਇਕ ਅੰਮ੍ਰਿਤਸਰ ਪੱਛਮੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਇੰਡੀਆ ਗੇਟ ਵਿਖੇ ਬਣਾਏ ਗਏ ਮਹਾਨ ਜਰਨੈਲ ਸ਼ਾਮ ਸਿੰਘ ਅਟਾਰੀ ਵਾਲਾ ਦੇ ਸਮਾਰਕ 'ਤੇ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ., ਵਿਧਾਇਕ ਡਾ. ਜਸਬੀਰ ਸਿੰਘ ਸੰਧੂ, ਬ੍ਰਿਗੇਡੀਅਰ ਐੱਸ.ਐੱਸ. ਜਾਮਵਾਲ, ਕਮਾਂਡਰ 54 ਇੰਨਫੈਂਟਰੀ ਬ੍ਰਿਗੇਡ, ਕਰਨਲ ਸੁਮਿਤ ਸ਼ਰਮਾ, ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ, ਪੁਲਿਸ ਕਮਿਸ਼ਨਰ ਸ. ਗੁਰਪ੍ਰੀਤ ਸਿੰਘ ਭੁੱਲਰ, ਐੱਸ.ਡੀ.ਐੱਮ. ਸ. ਮਨਕੰਵਲ ਸਿੰਘ ਚਾਹਲ, ਕਰਨਲ ਹਰਿੰਦਰ ਸਿੰਘ, ਕਰਨਲ ਕੁਲਦੀਪ ਸਿੰਘ ਨੇ ਸ਼ਹੀਦ ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਦੇ ਬੁੱਤ 'ਤੇ ਸ਼ਰਧਾਂਜਲੀਆਂ ਭੇਟ ਕੀਤੀਆਂ। ਇਸ ਮੌਕੇ ਪੰਜਾਬ ਪੁਲਿਸ ਦੇ ਜਵਾਨਾਂ ਵਲੋਂ ਮਹਾਨ ਜਰਨੈਲ ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਨੂੰ ਹਥਿਆਰ ਉਲਟੇ ਕਰਕੇ ਸਾਲਾਮੀ ਵੀ ਦਿੱਤੀ ਗਈ।ਇਸ ਉਪਰੰਤ ਅਟਾਰੀ ਵਿਖੇ ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਦੀ ਸਮਾਧ ਵਿਖੇ ਕਰਵਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾ ਕੇ ਧਾਰਮਿਕ ਦੀਵਾਨ ਸਜਾਏ ਗਏ। ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਜੀਤ ਸਿੰਘ ਬੈਂਕਾ ਵੱਲੋਂ ਗੁਰੂ ਜਸ ਗਾਇਨ ਕੀਤਾ ਗਿਆ ਅਤੇ ਭਾਈ ਗੁਰਪ੍ਰੀਤ ਸਿੰਘ ਭੰਗੂ ਦੇ ਢਾਡੀ ਜਥੇ ਵੱਲੋਂ ਜਰਨੈਲ ਸ਼ਾਮ ਸਿੰਘ ਅਟਾਰੀ ਵਾਲਾ ਦੇ ਜੀਵਨ ਅਤੇ ਉਨ੍ਹਾਂ ਦੀ ਸ਼ਹਾਦਤ ਦਾ ਬਿਰਤਾਂਤ ਸੰਗਤਾਂ ਨਾਲ ਸਾਂਝਾ ਕੀਤਾ। ਵੱਡੀ ਗਿਣਤੀ 'ਚ ਲੋਕਾਂ ਨੇ ਅਟਾਰੀ ਵਿਖੇ ਪਹੁੰਚ ਕੇ ਮਹਾਨ ਜਰਨੈਲ ਸ਼ਾਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਸਰਦਾਰ ਸ਼ਾਮ ਸਿੰਘ ਅਟਾਰੀ ਵਾਲਾ ਜੀ ਦੀ ਸਮਾਧ ਉੱਪਰ ਨਤਮਸਤਕ ਹੋ ਕੇ ਉਨ੍ਹਾਂ ਨੂੰ ਆਪਣੀ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਇਸ ਮੌਕੇ ਉਨ੍ਹਾਂ ਵੱਲੋਂ ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਮਿਊਜ਼ੀਅਮ ਦਾ ਦੌਰਾ ਵੀ ਕੀਤਾ। ਉਪਰੰਤ ਧਾਰਮਿਕ ਦੀਵਾਨ ਵਿੱਚ ਨੂੰ ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਸਰਦਾਰ ਸ਼ਾਮ ਸਿੰਘ ਅਟਾਰੀ ਵਾਲਾ ਸਿੱਖ ਕੌਮ ਦੇ ਮਹਾਨ ਜਰਨੈਲ ਹੋਏ ਹਨ ਅਤੇ ਐਂਗਲੋ-ਸਿੱਖ ਯੁੱਧ ਦੌਰਾਨ ਸਭਰਾਉਂ ਦੀ ਜੰਗ ਵਿੱਚ ਆਖ਼ਰੀ ਦਮ ਤੱਕ ਜੂਝਣ ਲਈ ਉਨ੍ਹਾਂ ਨੂੰ ਹਮੇਸ਼ਾਂ ਯਾਦ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਦੀ ਬਹਾਦਰੀ ਤੇ ਸ਼ਹਾਦਤ ਦੀ ਪ੍ਰਸੰਸਾ ਅੰਗਰੇਜ਼ਾਂ ਨੇ ਵੀ ਕੀਤੀ ਹੈ। ਉਨ੍ਹਾਂ ਕਿਹਾ ਕਿ ਸ਼ਹੀਦ ਕੌਮ ਦਾ ਸਰਮਾਇਆ ਹੁੰਦੇ ਹਨ ਅਤੇ ਆਪਣੇ ਸ਼ਹੀਦਾਂ ਨੂੰ ਯਾਦ ਰੱਖਣਾ ਸਾਡਾ ਇਖਲਾਕੀ ਫ਼ਰਜ਼ ਹੈ। ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਅਟਾਰੀ ਪਿੰਡ ਨੂੰ ਨਵਾਂ ਰੂਪ ਦਿੱਤਾ ਜਾਵੇਗਾ ਤਾਂ ਜੋ ਰੀਟਰੀਟ ਦੇਖਣ ਆਉਣ ਵਾਲੇ ਯਾਤਰੂ ਅਟਾਰੀਵਾਲਾ ਦੀ ਸਮਾਧ ਤੇ ਆਉਣ ਅਤੇ ਆਪਣੇ ਬੱਚਿਆਂ ਨੂੰ ਉਨ੍ਹਾਂ ਦੀ ਸ਼ਹਾਦਤ ਬਾਰੇ ਦੱਸਣ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਤਰ੍ਹਾਂ ਦੇ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਭਾਗ ਲੈਣ ਅਤੇ ਆਪਣੇ ਬੱਚਿਆਂ ਨੂੰ ਵੀ ਇਤਿਹਾਸ ਤੋਂ ਜਾਣੂੰ ਕਰਾਉਣ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮਹਾਨ ਸ਼ਹੀਦ ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਦੀ ਸ਼ਹਾਦਤ ਨੂੰ ਸਿਜਦਾ ਕਰਦੀ ਹੈ ਜਿਨ੍ਹਾਂ ਨੇ ਆਪਣੀ ਜਾਨ ਨੂੰ ਦੇਸ਼-ਕੌਮ ਲਈ ਕੁਰਬਾਨ ਕਰ ਦਿੱਤਾ।ਇਸ ਮੌਕੇ ਸਰਦਾਰ ਸ਼ਾਮ ਸਿੰਘ ਅਟਾਰੀ ਦੇ ਪਰਿਵਾਰ ਦੇ ਮੈਂਬਰਾਂ ਅਤੇ ਟਰੱਸਟ ਦੇ ਅਹੁਦੇਦਾਰ ਕਰਨਲ ਹਰਿੰਦਰ ਸਿੰਘ ਅਟਾਰੀ, ਮਲਵਿੰਦਰ ਅਟਾਰੀ, ਬੀਰ ਇੰਦਰ ਸਿੰਘ, ਜਨਰਲ ਸਕੱਤਰ ਸ੍ਰੀ ਹਰਪ੍ਰੀਤ ਸਿੰਘ ਸਿੱਧੂ, ਬੀਬਾ ਅਮਿਤੇਸ਼ਵਰ ਕੌਰ, ਬੀਬਾ ਜਸਪ੍ਰੀਤ ਕੌਰ, ਬੀਬਾ ਸੰਦੀਪ ਕੌਰ, ਸ੍ਰੀ ਦਿਨੇਸ਼ ਸਿੰਘ ਸਿੱਧੂ, ਇੰਦਰ ਜਸਬੀਰ ਸਿੰਘ ਸੰਧੂ ਲੋਪੋਕੇ, ਅਨੰਤਬੀਰ ਸਿੰਘ, ਚਰਨਜੀਤ ਸਿੰਘ, ਰਮਨਦੀਪ ਕੌਰ, ਰਵੀ ਇੰਦਰ ਸਿੰਘ, ਕਰਨਲ ਗੁਰਬੰਤ ਸਿੰਘ, ਸ੍ਰੀਮਤੀ ਹਰਮਨ ਸਿੰਘ, ਜਸਕਿਰਨ ਕੌਰ, ਰਮਨਦੀਪ ਕੌਰ, ਸਰਪੰਚ ਅਟਾਰੀ ਹਰਪ੍ਰੀਤ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਉੱਘੀ ਲੇਖਿਕਾ ਡਾ. ਕੁਲਵਿੰਦਰ ਕੌਰ ਮਿਨਹਾਸ ਦੀ ਕਿਤਾਬ ਸਿੱਖ ਰਾਜ ਦੇ ਆਖ਼ਰੀ ਥੰਮ-ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਨੂੰ ਰਿਲੀਜ਼ ਵੀ ਕੀਤਾ ਗਿਆ। ਇਸ ਮੌਕੇ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਦੀ ਧਰਮਪਤਨੀ ਸ੍ਰੀਮਤੀ ਸੁਰਿੰਦਰ ਕੌਰ, ਭਾਰਤੀ ਹਵਾਈ ਸੈਨਾ ਦੇ ਸਾਬਕਾ ਅਧਿਕਾਰੀ ਨਿਰਮਲ ਸਿੰਘ ਬੇਦੀ, ਕਰਨਲ ਕੁਲਦੀਪ ਸਿੰਘ, ਧੰਨ-ਧੰਨ ਬਾਬਾ ਦੀਪ ਸਿੰਘ ਜੀ ਹਰਿਆਲੀ ਮਿਸ਼ਨ ਦੇ ਪ੍ਰਧਾਨ ਕੰਵਲਜੀਤ ਸਿੰਘ, ਰਛਪਾਲ ਸਿੰਘ, ਸੂਬੇਦਾਰ ਮੇਜਰ ਮਨਜੀਤ ਸਿੰਘ, ਨਰਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਅਤੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬੰਦੀ ਸਿੰਘਾਂ ਦੀ ਰਿਹਾਈ ਕਰਵਾਉਣ 'ਚ ਅਸਫਲ ਰਹਿਣ 'ਤੇ ਸਿਰਸਾ ਤੋਂ ਅਸਤੀਫ਼ਾ ਦੀ ਮੰਗ: ਸਰਨਾ

## ਫੋਟੋਆਂ ਲਈ ਪੱਗਾਂ ਬਣਵਾਉਣ ਵਾਲੇ ਬੰਦ ਦਰਵਾਜ਼ਿਆਂ ਪਿੱਛੇ ਲਏ ਜਾਂਦੇ ਫੈਸਲੇਆਂ ਵਿਚ ਸਿੱਖ ਚਿੰਤਾਵਾਂ ਤੇ ਮੰਗਾਂ ਨੂੰ ਕਰਦੇ ਹਨ ਰੱਦ



ਨਵੀਂ ਦਿੱਲੀ, 10 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਦਿੱਲੀ ਦੇ ਕੈਬਨਿਟ ਮੰਤਰੀ ਮਨਜਿੰਦਰ ਸਿੰਘ ਸਿਰਸਾ ਤੋਂ ਨੈਤਿਕ ਆਧਾਰ 'ਤੇ ਅਸਤੀਫ਼ਾ ਮੰਗਿਆ ਹੈ । ਸਰਨਾ ਨੇ ਉਨ੍ਹਾਂ ਨੂੰ ਸਿੱਖ ਹਿੱਤਾਂ ਦੀ ਰਾਖੀ ਦੇ ਵਾਰ-ਵਾਰ ਦਾਅਵਿਆਂ ਦੇ ਬਾਵਜੂਦ ਬੰਦੀ ਸਿੰਘਾਂ ਦੀ ਰਿਹਾਈ ਨਾ ਕਰਵਾ ਸਕਣ ਲਈ ਜ਼ਿੰਮੇਵਾਰ ਠਹਿਰਾਇਆ ਹੈ । ਸਰਨਾ ਦੀ ਇਹ ਟਿੱਪਣੀ ਦਿੱਲੀ ਸਜ਼ਾ ਸਮੀਖਿਆ ਬੋਰਡ ਵੱਲੋਂ ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਦੀ ਪਟੀਸ਼ਨ ਨੂੰ ਇੱਕ ਵਾਰ ਫਿਰ ਰੱਦ ਕਰਨ ਤੋਂ ਬਾਅਦ ਆਈ ਹੈ, ਜੋ ਸਜ਼ਾ ਪੂਰੀ ਕਰਨ ਤੋਂ ਬਾਅਦ ਵੀ ਲੰਬੇ ਸਮੇਂ ਤੱਕ ਜੇਲ੍ਹ ਵਿੱਚ ਹੈ। ਮੀਡੀਆ ਨੂੰ ਸੰਬੋਧਨ ਕਰਦਿਆਂ ਸਰਨਾ ਨੇ ਕਿਹਾ ਕਿ ਸਿਰਸਾ ਦਾ ਸਿੱਖ ਅਧਿਕਾਰਾਂ ਦੇ ਰਾਖੇ ਵਜੋਂ ਜਨਤਕ ਤੌਰ 'ਤੇ ਅਕਸ ਬੇਨਕਾਬ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਜਦੋਂ ਸਿਰਸਾ ਨੇ ਪ੍ਰਭਾਵ ਅਤੇ ਵਚਨਬੱਧਤਾ ਦੇ ਵੱਡੇ ਦਾਅਵੇ ਕੀਤੇ ਸਨ, ਤਾਂ ਅਜਿਹੇ 'ਚ ਜ਼ਮੀਨੀ ਨਤੀਜੇ ਰਾਜਨੀਤਿਕ ਇੱਛਾ ਸ਼ਕਤੀ ਦੀ ਪੂਰੀ ਤਰ੍ਹਾਂ ਘਾਟ ਨੂੰ ਦਰਸਾਉਂਦੇ ਹਨ। ਸਰਨਾ ਨੇ ਅੱਗੇ ਕਿਹਾ ਕਿ ਅਜਿਹੀਆਂ ਵਾਰ-ਵਾਰ ਅਸਫਲਤਾਵਾਂ ਤੋਂ ਬਾਅਦ ਵੀ ਅਹੁਦੇ 'ਤੇ ਬਣੇ ਰਹਿਣਾ ਨੈਤਿਕ ਮੁੱਲਾਂ ਨੂੰ ਤਿਲਾਂਜਲੀ ਦੇਣ ਦੇ ਬਰਾਬਰ ਹੈ। ਸਰਨਾ ਨੇ ਕਿਹਾ ਕਿ ਸਿੱਖ ਭਾਈਚਾਰੇ ਨੂੰ ਦੱਸਿਆ ਗਿਆ ਸੀ ਕਿ ਸੱਤਾ ਵਿੱਚ ਉਸਦੀ ਆਵਾਜ਼ ਦੀ ਕੌਮ ਦੀ ਨੁਮਾਇੰਦਗੀ ਕਰੇਗੀ ।ਪਰ ਅੱਜ ਇਹ ਦਾਅਵਾ ਖੋਖਲਾ ਸਾਬਤ ਹੋ ਰਿਹਾ ਹੈ ।ਜੇਕਰ ਸਿਰਸਾ ਇਸ ਤਰ੍ਹਾਂ ਦੇ ਸਪੱਸ਼ਟ ਮਾਮਲੇ ਵਿੱਚ ਇਨਸਾਫ਼ ਯਕੀਨੀ ਨਹੀਂ ਬਣਾ ਸਕਦੇ, ਤਾਂ ਉਨ੍ਹਾਂ ਕੋਲ ਮੰਤਰੀ ਬਣੇ ਰਹਿਣ ਦਾ ਕੋਈ ਨੈਤਿਕ ਅਧਿਕਾਰ ਨਹੀਂ ਹੈ। ਸਰਨਾ ਨੇ ਭਾਰਤੀ ਜਨਤਾ ਪਾਰਟੀ ਦੀ ਵੀ ਆਲੋਚਨਾ ਕੀਤੀ, ਜਿਸ ਵਿੱਚ ਉਨ੍ਹਾਂ 'ਤੇ ਸਿੱਖਾਂ ਨਾਲ ਆਪਣੇ ਸਬੰਧਾਂ ਵਿੱਚ ਦੋਗਲੇਪਣ ਦਾ ਦੋਸ਼ ਲਗਾਇਆ। ਉਨ੍ਹਾਂ ਕਿਹਾ ਕਿ ਭਾਜਪਾ ਨੇ ਪ੍ਰਤੀਕਵਾਦ ਰਾਹੀਂ ਚੋਣ ਸਦਭਾਵਨਾ ਦੀ ਮੰਗ ਕੀਤੀ ਜਦੋਂ ਕਿ ਬੰਦੀ ਸਿੰਘਾਂ ਦੀ ਰਿਹਾਈ ਲਈ ਕਾਨੂੰਨੀ ਅਤੇ ਸਥਾਪਿਤ ਮੰਗਾਂ ਨੂੰ ਹੱਲ ਕਰਨ ਤੋਂ ਇਨਕਾਰ ਕਰ ਰਹੀ ਹੈ । ਸਰਨਾ ਨੇ ਕਿਹਾ ਕਿ ਸੱਤਾ ਵਿੱਚ ਬੈਠੇ ਲੋਕਾਂ ਦਾ ਸੁਨੇਹਾ ਬਹੁਤ ਪਰੇਸ਼ਾਨ ਕਰਨ ਵਾਲਾ ਹੈ। ਫੋਟੋਆਂ ਲਈ ਪੱਗਾਂ ਪਹਿਨੀਆਂ ਜਾਂਦੀਆਂ ਹਨ, ਪਰ ਜਦੋਂ ਬੰਦ ਦਰਵਾਜ਼ਿਆਂ ਪਿੱਛੇ ਫੈਸਲੇ ਲਏ ਜਾਂਦੇ ਹਨ ਤਾਂ ਸਿੱਖ ਚਿੰਤਾਵਾਂ ਤੇ ਮੰਗਾਂ ਨੂੰ ਰੱਦ ਕਰ ਦਿੱਤਾ ਜਾਂਦਾ ਹੈ ।

# ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੇ ਖਿਲਾਫ ਦਾਣਾ ਮੰਡੀ 'ਚ ਬੋਲੀ ਭੱਦੀ ਸ਼ਬਦਾਵਲੀ ਨੇ ਕਾਂਗਰਸ ਲਈ ਕੰਢੇ ਪੈਦਾ ਕੀਤੇ

ਜੰਡਿਆਲਾ ਗੁਰੂ, 10 ਫਰਵਰੀ (ਕੁਲਵੰਤ ਸਿੰਘ ਵਿਰਦੀ )- ਪਿਛਲੇ ਦਿਨੀ ਜੰਡਿਆਲਾ ਗੁਰੂ ਵਿਖੇ 6 ਫਰਵਰੀ ਨੂੰ ਜੰਡਿਆਲਾ ਗੁਰੂ ਜੀ ਦਾਣਾ ਮੰਡੀ ਵਿਖੇ ਹਲਕਾ ਜੰਡਿਆਲਾ ਗੁਰੂ ਤੋਂ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਦੀ ਅਗਵਾਈ ਹੇਠ ਹੱਲਾ ਬੋਲ ਰੈਲੀ ਕੀਤੀ ਗਈ ਜਿਸ ਵਿੱਚ ਕਾਂਗਰਸ ਦੀ ਸੀਨੀਅਰ ਲੀਡਰਸ਼ਿਪ ਨੇ ਆਪਣੀ ਹਾਜ਼ਰੀ ਭਰੀ ਅਤੇ ਵੱਖ-ਵੱਖ ਬੁਲਾਰਿਆਂ ਵੱਲੋਂ ਆਪਣੇ ਆਪਣੇ ਵਿਚਾਰ ਪੇਸ਼ ਕੀਤੇ ਗਏ, ਇਹ ਰੈਲੀ ਮਨਰੇਗਾ ਮਜ਼ਦੂਰਾਂ ਦੇ ਹੱਕਾਂ ਤੇ ਪਏ ਡਾਕੇ ਦੇ ਵਿਰੋਧ ਵਿੱਚ ਮੋਦੀ ਸਰਕਾਰ ਦੇ ਖਿਲਾਫ ਕਰਨੀ ਸੀ, ਪਰ ਇਸ ਰੈਲੀ ਕਰਨ ਦਾ ਮਨੋਰਥ ਉਦੋਂ ਕੁਝ ਹੋਰ ਹੀ ਨਿਕਲਿਆ ਜਦੋਂ ਹਲਕੇ ਦੇ ਵਿਧਾਇਕ, ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੇ ਕਿਰਦਾਰ ਅਤੇ ਪਿਓ ਪੁਰਖੀ ਕਿੱਤੇ ਤੇ ਤੰਜ ਕੱਸਿਆ ਗਿਆ। ਅਤੇ ਉਨਾਂ ਦੇ ਪੁਰਾਤਨ ਕਿੱਤੇ ਨੂੰ ਸੰਬੰਧਿਤ ਅਪਸ਼ਬਦ ਬੋਲੇ ਗਏ। ਇਸ ਰੈਲੀ ਵਿੱਚ ਪ੍ਰਤਾਪ ਸਿੰਘ ਬਾਜਵਾ ਵੱਲੋਂ ਈਟੀਓ ਦੇ ਖਿਲਾਫ ਅਤੇ ਉਸਦੇ ਪਿਛੋਕੜ ਕਾਰੋਬਾਰ ਦੇ ਖਿਲਾਫ ਬਹੁਤ ਹੀ ਭੱਦੀ ਸ਼ਬਦਾਵਲੀ ਬੋਲੀ ਗਈ। ਜੋ ਕਿ ਬਹੁਤ ਹੀ ਨਿੰਦਣਯੋਗ ਯੋਗ ਸੀ। ਅਤੇ ਕਾਂਗਰਸ ਪਾਰਟੀ ਦਾ ਪ੍ਰਧਾਨ ਵੀ ਪਿੱਛੇ ਨਹੀ ਰਿਹਾ ਉਸ ਨੇ ਵੀ ਮੰਤਰੀ ਈ.ਟੀ.ਓ ਦੇ ਗਲੇ ਵਿੱਚ ਅੰਗੂਠਾ ਦੇਣ ਦਾ ਨਿੰਦਣਯੋਗ ਬਿਆਨ ਦੇ ਦਿੱਤਾ ਗਿਆ ਸਿਆਣੇ ਆਖਦੇ ਨੇ ਕਿ ਬੋਲ ਜੁਬਾਨੋਂ ਤੇ ਤੀਰ ਕਮਾਨੋ ਮੁੜ ਕੇ ਵਾਪਿਸ ਨਹੀਂ ਆਉਂਦੇ ਇਹੋ ਹੀ ਗੱਲ ਹੋ ਗਈ ਬਾਜਵਾ ਸਾਹਬ ਅਤੇ ਰਾਜਾ ਵੜਿੰਗ ਰੈਲੀ ਦੀ ਸ਼ਾਨ ਵਧਾਉਣ ਦੀ ਖਾਤਰ ਵਿਰੋਧੀ ਪਾਰਟੀ ਦੇ ਮੰਤਰੀ ਪਰਤੀ ਊਟ ਪਟਾਂਗ ਬੋਲ ਤਾ ਗਏ ਪਰ ਸਿਆਨਿਆਂ ਦੀ ਇਹ ਵੀ ਕਹਾਵਤ ਹੈ ਕਿ ਸਿਆਣੇ ਦਾ ਆਖਿਆ ਤੇ ਔਲੇ ਦਾ ਖਾਦਾ ਬਾਅਦ ਵਿੱਚ ਹੀ ਪਤਾ ਲੱਗਦਾ ਹੈ ਇਸ ਕਹਾਵਤ ਦੇ ਆਧਾਰ ਨਾਲ ਉਹਨਾਂ ਦੇ ਮੂੰਹੋਂ ਨਿਕਲੇ ਸ਼ਬਦ ਉਹਨਾਂ ਲਈ ਹੀ ਬਿਪਤਾ ਬਣ ਗਏ। ਹੁਣ ਮੁੱਦਾ ਇਹ ਹੈ ਕਿ ਰੈਲੀ ਵਿੱਚ ਵਿਰੋਧ ਕਰਨਾ ਇੱਕ ਦੂਸਰੀ ਪਾਰਟੀ ਤੇ ਚਿੱਕੜ ਸੁੱਟਣਾ ਆਮ ਗੱਲ ਹੈ ਪਰ ਰੈਲੀ ਦੌਰਾਨ ਸਾਰੀ ਪਬਲਿਕ ਦੇ ਸਾਹਮਣੇ ਆਪਣੇ ਕਿਸੇ ਵੀ ਵਿਰੋਧੀ ਪਾਰਟੀ ਦੇ ਨੁਮਾਇੰਦਿਆਂ ਪ੍ਰਤੀ ਇੰਨੀ ਜਿਆਦਾ ਭੱਦੀ ਸ਼ਬਦਾਵਲੀ ਬੋਲਣਾ ਬਹੁਤ ਹੀ ਸ਼ਰਮਸ਼ਾਰ ਕਰਨ ਵਾਲੀ ਗੱਲ ਹੈ। ਜਿਸ ਦਾ ਖਮਿਆਜਾ ਹਲਕੇ ਦੇ ਸਾਬਕਾ ਵਿਧਾਇਕ ਵਾਸਤੇ 2027 ਦੀਆ ਵੋਟਾਂ ਵਿੱਚ ਕਿਤੇ ਨਾ ਕਿਤੇ ਹਾਨੀਕਾਰਕ ਸਿੱਧ ਹੋ ਸਕਦਾ ਹੈ। ਕਾਂਗਰਸ ਦੇ ਇਸ ਬਿਆਨ ਨਾਲ ਪੂਰੇ ਦਲਿਤ ਭਾਈਚਾਰੇ ਵੱਲੋਂ ਰੋਸ ਪ੍ਰਗਟ ਕੀਤਾ ਜਾ ਰਿਹਾ ਹੈ। ਅਤੇ ਥਾਂ ਥਾਂ ਤੇ ਬਾਜਵਾ ਅਤੇ ਰਾਜਾ ਵੜਿੰਗ ਦੇ ਪੁਤਲੇ ਫੂਕੇ ਜਾ ਰਹੇ ਹਨ। ਅਤੇ ਕਾਂਗਰਸ ਦੇ ਮੰਤਰੀ ਦੀਆਂ ਕੋਠੀਆਂ ਦਾ ਘਿਰਾਓ ਵੀ ਉਨਾਂ ਹੀ ਬੈਂਡਾਂ ਵਾਜਿਆਂ ਨਾਲ ਕੀਤਾ ਜਾ ਰਿਹਾ ਹੈ ਜਿਸ ਬਾਰੇ ਉਹਨਾਂ ਨੇ ਰੈਲੀ ਵਿੱਚ ਬਿਆਨ ਦਿੱਤਾ ਸੀ। ਸੋ ਮੂੰਹ ਵਿੱਚੋਂ ਗੱਲ ਕੱਢ ਤਾ ਦਿੰਦੇ ਹਾਂ ਪਰ ਉਸ ਦਾ ਖਮਿਆਜਾ ਬਾਅਦ ਵਿੱਚ ਭੁਗਤਣਾ ਪੈਂਦਾ ਹੈ। ਸੋ ਇਹ ਲੀਡਰ ਤਾਂ ਬਿਆਨ ਦੇ ਕੇ ਚਲੇ ਗਏ ਪਰ ਹਲਕੇ ਦੇ ਸਾਬਕਾ ਵਿਧਾਇਕ ਵਾਸਤੇ ਮੁਸੀਬਤ ਖੜੀ ਕਰ ਗਏ। ਸੋ ਘੱਟ ਬੋਲਣ ਵਿੱਚ ਹੀ ਭਲਾਈ ਹੈ ਇੱਕ ਚੁੱਪ ਸੌ ਸੁੱਖ ਵਾਲੀ ਕਹਾਵਤ ਵੀ ਇੱਥੇ ਢੁਕਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਇੱਕ ਨਜ਼ਰ ...



### ਮਾਤਾ ਸਾਹਿਬ ਕੌਰ ਗਰਲਜ ਕਾਲਜ ਦੇ ਐਨਐਸਐਸ ਵਿਭਾਗ ਵੱਲੋਂ ਨਸ਼ਾ ਮੁਕਤ ਸਮਾਜ ਵੱਲ ਇੱਕ ਮਜ਼ਬੂਤ ਕਦਮ

ਤਲਵੰਡੀ ਸਾਬੋ, 10 ਫਰਵਰੀ (ਗੁਰਜੰਟ ਸਿੰਘ ਨਥੇਹਾ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਸੰਸਥਾ ਮਾਤਾ ਸਾਹਿਬ ਕੌਰ ਗਰਲਜ਼ ਕਾਲਜ, ਤਲਵੰਡੀ ਸਾਬੋ ਵਿਖੇ ਪ੍ਰਿੰਸੀਪਲ ਡਾ ਨਰਿੰਦਰ ਸਿੰਘ ਜੀ ਦੀ ਯੋਗ ਰਹਿਨੁਮਾਈ ਹੇਠ ਐਨਐਸਐਸ, ਰੈੱਡ ਰਿਬਨ ਕਲੱਬ ਅਤੇ ਸੋਸ਼ਿਆਲੋਜੀ ਵਿਭਾਗ ਵੱਲੋਂ "ਜਿੰਦਾਬਾਦ ਜ਼ਿੰਦਗੀ ਪ੍ਰੋਗਰਾਮ" ਦੇ ਅਧੀਨ, ਸ਼ਹੀਦ ਭਗਤ ਸਿੰਘ ਨਸ਼ਾ ਵਿਰੁੱਧ ਮੰਚ ਦੇ ਸਹਿਯੋਗ ਨਾਲ ਵਿਦਿਆਰਥੀਆਂ ਲਈ ਨਸ਼ਿਆਂ ਦੇ ਖ਼ਿਲਾਫ਼ ਇੱਕ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਦਾ ਮਕਸਦ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਤੋਂ ਜਾਣੂ ਕਰਵਾ ਕੇ ਨਸ਼ਾ ਮੁਕਤ ਜੀਵਨ ਵੱਲ ਮੋੜਨਾ ਸੀ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਰੁਪਿੰਦਰਜੀਤ ਸਿੰਘ ਨੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਨੁਕਸਾਨਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਉਨ੍ਹਾਂ ਨੇ ਕਿਹਾ ਕਿ ਨਸ਼ਾ ਸਿਰਫ਼ ਇਕ ਵਿਅਕਤੀ ਨੂੰ ਹੀ ਨਹੀਂ, ਸਗੋਂ ਉਸਦੇ ਪਰਿਵਾਰ, ਸਮਾਜ ਅਤੇ ਦੇਸ਼ ਦੇ ਭਵਿੱਖ ਨੂੰ ਵੀ ਅੰਧਕਾਰ ਵੱਲ ਧੱਕਦਾ ਹੈ। ਨਸ਼ਿਆਂ ਕਾਰਨ ਨੌਜਵਾਨ ਆਪਣੀ ਸਿੱਖਿਆ, ਕੈਰੀਅਰ ਅਤੇ ਜੀਵਨ ਦੇ ਕੀਮਤੀ ਮੌਕੇ ਗਵਾ ਬੈਠਦੇ ਹਨ। ਰੁਪਿੰਦਰਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਸੰਦੇਸ਼ ਦਿੰਦਿਆਂ ਕਿਹਾ ਕਿ ਨਸ਼ਿਆਂ ਤੋਂ ਦੂਰ ਰਹਿਣਾ ਹੀ ਅਸਲ ਆਜ਼ਾਦੀ ਹੈ ਅਤੇ ਸਿਹਤਮੰਦ ਸੋਚ ਨਾਲ ਹੀ ਇੱਕ ਮਜ਼ਬੂਤ ਸਮਾਜ ਦੀ ਸਿਰਜਣਾ ਸੰਭਵ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨਸ਼ਾ ਮੁਕਤ ਜੀਵਨ ਅਪਣਾਉਣ ਦੇ ਨਾਲ-ਨਾਲ ਹੋਰ ਨੌਜਵਾਨਾਂ ਨੂੰ ਵੀ ਇਸ ਮੁਹਿੰਮ ਨਾਲ ਜੋੜਨ ਦੀ ਅਪੀਲ ਕੀਤੀ। ਸੈਮੀਨਾਰ ਦੌਰਾਨ ਵਿਦਿਆਰਥੀਆਂ ਨੇ ਬੜੀ ਉਤਸ਼ਾਹ ਅਤੇ ਗੰਭੀਰਤਾ ਨਾਲ ਭਾਗ ਲਿਆ ਅਤੇ ਨਸ਼ਿਆਂ ਤੋਂ ਸਦਾ ਦੂਰ ਰਹਿਣ ਦਾ ਦ੍ਰਿੜ ਸੰਕਲਪ ਕੀਤਾ। ਸਮਾਗਮ ਦੇ ਅੰਤ ਵਿੱਚ ਪ੍ਰੋ. ਰਾਜਨਦੀਪ ਕੌਰ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਨੂੰ "ਜਿੰਦਾਬਾਦ ਜ਼ਿੰਦਗੀ ਕੈਂਪੇਨ" ਦੇ ਅਧੀਨ ਆਪਣੀ ਰਜਿਸਟਰੇਸ਼ਨ ਕਰਵਾ ਕੇ ਨਸ਼ਾ ਮੁਕਤੀ ਅਭਿਆਨ ਵਿੱਚ ਸਰਗਰਮ ਭਾਗੀਦਾਰ ਬਣਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕਾਲਜ ਦੇ ਐਨਐਸਐਸ ਪ੍ਰੋਗਰਾਮ ਅਫ਼ਸਰ ਡਾ. ਸਪਨਜੀਤ ਕੌਰ, ਡਾ. ਅਮਨਪਾਲ ਕੌਰ, ਪ੍ਰੋ. ਸਿਮਰਜੀਤ ਕੌਰ, ਪ੍ਰੋਗਰਾਮ ਅਫ਼ਸਰ ਪ੍ਰੋ. ਹਰਪ੍ਰੀਤ ਕੌਰ ਅਤੇ ਪ੍ਰੋ. ਸਰਬਜੀਤ ਕੌਰ ਹਾਜ਼ਰ ਰਹੇ।

### ਸੀਐਮ ਪੋਰਟਲ 'ਤੇ ਦਰਜ ਸ਼ਿਕਾਇਤ ਸਬੰਧੀ ਗੁਪਤਾ ਵੱਲੋਂ ਏਡੀਸੀ ਮੈਡਮ ਨਾਲ ਮੁਲਾਕਾਤ, ਦਸਤਾਵੇ ਸੌਂਪੇ

#### ਸੀਐਮ ਪੋਰਟਲ ਤੇ ਦਰਜ ਕਰਵਾਈ ਗਈ ਦਰਖਾਸਤ ਦੀ ਨਿਰਪੱਖ ਹੋਵੇਗੀ ਜਾਂਚ-ਅਸਿਸਟੈਂਟ ਡਿਪਟੀ ਕਮਿਸ਼ਨਰ




ਚੌਕ ਮਹਿਤਾ, 10 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)-ਸੀਐਮ ਪੋਰਟਲ 'ਤੇ ਦਰਜ ਕੀਤੀ ਗਈ ਸ਼ਿਕਾਇਤ ਸਬੰਧੀ ਗੁਪਤਾ ਜੀ ਵੱਲੋਂ ਐਡੀਸ਼ਨਲ ਡਿਪਟੀ ਕਮਿਸ਼ਨਰ ਮੈਡਮ ਪਿਊਸ਼ਾ ਨਾਲ ਮੁਲਾਕਾਤ ਕੀਤੀ ਗਈ। ਇਸ ਦੌਰਾਨ ਉਨ੍ਹਾਂ ਵੱਲੋਂ ਅਸਿਸਟੈਂਟ ਡਿਪਟੀ ਕਮਿਸ਼ਨਰ ਨੂੰ ਆਪਣੀ ਸ਼ਿਕਾਇਤ ਨਾਲ ਸੰਬੰਧਿਤ ਸਾਰੇ ਦਸਤਾਵੇ ਸੌਂਪੇ ਗਏ। ਗੁਪਤਾ ਜੀ ਨੇ ਏਡੀਸੀ ਮੈਡਮ ਨੂੰ ਸੰਪੂਰਨ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਉਨ੍ਹਾਂ ਵੱਲੋਂ ਸੀਐਮ ਪੋਰਟਲ 'ਤੇ ਇੱਕ ਸ਼ਿਕਾਇਤ ਦਰਜ ਕਰਵਾਈ ਗਈ ਸੀ, ਜਿਸ ਵਿੱਚ ਸਟੇਟ ਟੈਕਸ ਕਮਿਸ਼ਨਰ ਦਫ਼ਤਰ ਵਿੱਚ ਇੱਕ ਵਿਅਕਤੀ ਦੀ ਲਗਾਤਾਰ ਆਵਾਜਾਈ 'ਤੇ ਪ੍ਰਸ਼ਨ ਚਿੰਨ੍ਹ ਲਗਾਏ ਗਏ ਸਨ। ਉਨ੍ਹਾਂ ਦੱਸਿਆ ਕਿ ਇਸ ਵਿਅਕਤੀ ਖ਼ਿਲਾਫ਼ ਪਹਿਲਾਂ ਵੀ ਸ਼ਹਿਰ ਦੇ ਕਈ ਰਸੂਖਦਾਰ ਵਿਅਕਤੀਆਂ ਵੱਲੋਂ ਸ਼ਿਕਾਇਤਾਂ ਦਰਜ ਕਰਵਾਈਆਂ ਗਈਆਂ ਹਨ। ਇਥੋਂ ਤੱਕ ਕਿ ਸੀਏ ਯੂਨੀਅਨ ਵੱਲੋਂ ਵੀ ਇਸ ਵਿਅਕਤੀ ਦੀ ਟੈਕਸ ਵਿਭਾਗ ਦੇ ਦਫ਼ਤਰ ਵਿੱਚ ਆਵਾਜਾਈ 'ਤੇ ਸਵਾਲ ਖੜੇ ਕੀਤੇ ਗਏ ਸਨ। ਇਸ ਮੌਕੇ ਗੁਪਤਾ ਜੀ ਨੇ ਦੱਸਿਆ ਕਿ ਸ਼ਸ਼ੀ ਭੂਸ਼ਣ ਖੰਨਾ ਪੁੱਤਰ ਸ਼੍ਰੀ ਅਮਰਨਾਥ ਖੰਨਾ, ਵਾਸੀ ਪਲਾਟ ਨੰਬਰ 2, ਕਟਰਾ ਸ਼ੇਰ ਸਿੰਘ, ਅੰਮ੍ਰਿਤਸਰ ਵੱਲੋਂ ਵੀ ਉਕਤ ਨਰੇਸ਼ ਕੁਮਾਰ ਦੇ ਖ਼ਿਲਾਫ਼ ਇੱਕ ਸ਼ਿਕਾਇਤ ਦਰਜ ਕਰਵਾਈ ਗਈ ਸੀ, ਜਿਸ ਵਿੱਚ ਉਨ੍ਹਾਂ ਦਾ ਡਾਟਾ ਚੋਰੀ ਕਰਨ ਅਤੇ ਬਾਅਦ ਵਿੱਚ ਬਲੈਕਮੇਲ ਕਰਨ ਦੇ ਦੋਸ਼ ਲਗਾਏ ਗਏ ਸਨ। ਇਸ ਸਬੰਧੀ ਅੰਮ੍ਰਿਤਸਰ ਪ੍ਰਸ਼ਾਸਨ ਕੋਲ ਸ਼ਿਕਾਇਤ ਦਰਜ ਕਰਵਾਈ ਗਈ ਸੀ, ਜਿਸ ਦੀਆਂ ਕਾਪੀਆਂ ਮੌਜੂਦਾ ਦਰਖ਼ਾਸਤ ਨਾਲ ਨੱਥੀ ਕੀਤੀਆਂ ਗਈਆਂ ਹਨ। ਗੁਪਤਾ ਜੀ ਨੇ ਇਹ ਵੀ ਦੱਸਿਆ ਕਿ ਇਸ ਵਿਅਕਤੀ ਵੱਲੋਂ ਉਨ੍ਹਾਂ ਦੇ ਇੱਕ ਨਜ਼ਦੀਕੀ ਨਾਲ ਵੀ ਠੱਗੀ ਮਾਰੀ ਗਈ ਸੀ, ਜਿਸ ਸਬੰਧੀ ਪ੍ਰਸ਼ਾਸਨ ਕੋਲ ਸ਼ਿਕਾਇਤ ਦਰਜ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਉਕਤ ਨਰੇਸ਼ ਕੁਮਾਰ ਨੂੰ ਅਕਸਰ ਸਟੇਟ ਟੈਕਸ ਵਿਭਾਗ ਦੇ ਇੱਕ ਏਟੀਸੀ ਨਾਲ ਦੇਖਿਆ ਜਾਂਦਾ ਹੈ। ਇਸ ਤੋਂ ਇਲਾਵਾ, ਏਟੀਸੀ ਵੱਲੋਂ ਆਪਣੀ ਨਿੱਜੀ ਗੱਡੀ 'ਤੇ ਪੰਜਾਬ ਸਰਕਾਰ ਦਾ ਲੋਗੋ ਅਤੇ ਸਰਕਾਰੀ ਲਾਈਟ ਲਗਾਈ ਹੋਈ ਦਿਸਦੀ ਹੈ, ਜਿਸ ਸਬੰਧੀ ਵੀ ਸੀਐਮ ਪੋਰਟਲ 'ਤੇ ਸ਼ਿਕਾਇਤ ਕੀਤੀ ਗਈ ਸੀ। ਪਰ ਸਟੇਟ ਟੈਕਸ ਵਿਭਾਗ ਦੇ ਉੱਚ ਅਧਿਕਾਰੀਆਂ ਵੱਲੋਂ ਸੀਐਮ ਪੋਰਟਲ 'ਤੇ ਦਿੱਤੇ ਗਏ ਜਵਾਬ ਵਿੱਚ ਏਟੀਸੀ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਗਈ ਅਤੇ ਗਲਤ ਤੱਥਾਂ ਦੇ ਆਧਾਰ 'ਤੇ ਜਵਾਬ ਭੇਜਿਆ ਗਿਆ, ਜਿਸ ਕਾਰਨ ਉਨ੍ਹਾਂ ਨੂੰ ਮੁੜ ਤੋਂ ਸੀਐਮ ਪੋਰਟਲ 'ਤੇ ਸ਼ਿਕਾਇਤ ਦਰਜ ਕਰਵਾਉਣੀ ਪਈ। ਗੁਪਤਾ ਜੀ ਨੇ ਏਡੀਸੀ ਮੈਡਮ ਨੂੰ ਬੇਨਤੀ ਕੀਤੀ ਕਿ ਇਹ ਮਾਮਲਾ ਵੱਡੇ ਭਰਿਸ਼ਟਾਚਾਰ ਨਾਲ ਜੁੜਿਆ ਹੋਇਆ ਹੈ। ਜੇਕਰ ਅਜਿਹੇ ਵਿਅਕਤੀ ਉੱਚ ਸਰਕਾਰੀ ਅਧਿਕਾਰੀਆਂ ਨਾਲ ਮਿਲਦੇ ਹਨ ਅਤੇ ਰੋਜ਼ਾਨਾ ਦਫ਼ਤਰਾਂ ਵਿੱਚ ਆਉਂਦੇ ਹਨ ਤਾਂ ਇਹ ਗੰਭੀਰ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਇਹ ਲੋਕ ਉੱਚ ਅਧਿਕਾਰੀਆਂ ਦੀ ਸਾਂਝ ਨਾਲ ਆਮ ਲੋਕਾਂ 'ਤੇ ਰੌਬ ਦਿਖਾਉਂਦੇ ਹਨ, ਜਿਸ ਕਾਰਨ ਡਰ ਅਤੇ ਦਬਾਅ ਹੇਠ ਪੀੜਤ ਲੋਕ ਆਪਣੀਆਂ ਸ਼ਿਕਾਇਤਾਂ ਦਰਜ ਨਹੀਂ ਕਰਵਾ ਪਾਉਂਦੇ। ਅੰਤ ਵਿੱਚ ਗੁਪਤਾ ਜੀ ਨੇ ਪ੍ਰਸ਼ਾਸਨ ਅਤੇ ਮੁੱਖ ਮੰਤਰੀ ਪੰਜਾਬ ਨੂੰ ਅਪੀਲ ਕੀਤੀ ਕਿ ਸਰਕਾਰੀ ਦਫ਼ਤਰਾਂ ਵਿੱਚ ਲੋਕਾਂ ਨਾਲ ਠੱਗੀ ਕਰਨ ਵਾਲੇ ਅਜਿਹੇ ਵਿਅਕਤੀਆਂ ਖ਼ਿਲਾਫ਼ ਤੁਰੰਤ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਜਿਹੜੇ ਅਧਿਕਾਰੀ ਉਨ੍ਹਾਂ ਦਾ ਸਾਥ ਦਿੰਦੇ ਹਨ, ਉਨ੍ਹਾਂ ਦੀ ਵੀ ਵਿਭਾਗੀ ਜਾਂਚ ਕਰਵਾਈ ਜਾਵੇ। ਇਸ ਮੌਕੇ ਏਡੀਸੀ ਮੈਡਮ ਪਿਉਸ਼ਾ ਨੇ ਭਰੋਸਾ ਦਿਵਾਇਆ ਕਿ ਪੂਰੇ ਮਾਮਲੇ ਦੀ ਬਰੀਕੀ ਨਾਲ ਜਾਂਚ ਕੀਤੀ ਜਾਵੇਗੀ ਅਤੇ ਜੇਕਰ ਕੋਈ ਵੀ ਦੋਸ਼ੀ ਪਾਇਆ ਗਿਆ ਤਾਂ ਉਸ ਖ਼ਿਲਾਫ਼ ਨਿਯਮਾਂ ਅਨੁਸਾਰ ਸਖ਼ਤ ਵਿਭਾਗੀ ਕਾਰਵਾਈ ਅਮਲ ਵਿੱਚ ਲਿਆਂਦੀ।

## ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਜ਼ਮੀਨੀ ਪੱਧਰ ਤੇ ਲੋਕਾਂ ਨਾਲ ਜੁੜ ਕੇ ਉਹਨਾਂ ਦੇ ਮਸਲਿਆਂ ਲਈ ਅਵਾਜ਼ ਬੁਲੰਦ ਕਰਨ : ਬਾਪੂ ਤਰਸੇਮ ਸਿੰਘ

**ਮੋਗਾ ਵਿੱਚ ਮੁੱਖ ਪੰਜ ਮੈਂਬਰੀ ਕਮੇਟੀ, 13 ਮੈਂਬਰੀ ਐਗਜ਼ੀਕਿਉਟਿਵ ਕਮੇਟੀ ਅਤੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨਾਂ ਦੀ ਸਾਂਝੀ ਬੈਠਕ**



ਮੋਗਾ, 10 ਫਰਵਰੀ ( ਆਵਾਜ਼ਿ ਕੌਮ ਬਿਊਰੋ)- ਅੱਜ ਮੋਗਾ ਵਿਖੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਵਿੱਚ ਅਹਿਮ ਮੀਟਿੰਗ ਕੀਤੀ ਗਈ। ਇਸ ਬੈਠਕ ਵਿੱਚ ਪਾਰਟੀ ਦੀ ਮੁੱਖ ਪੰਜ ਮੈਂਬਰੀ ਕਮੇਟੀ, 13 ਮੈਂਬਰੀ ਐਗਜ਼ੀਕਿਉਟਿਵ ਕਮੇਟੀ ਦੇ ਸਾਰੇ ਪ੍ਰਮੁੱਖ ਮੈਂਬਰਾਂ ਦੇ ਨਾਲ ਨਾਲ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨਾਂ ਨੇ ਵਿੱਚ ਸ਼ਮੂਲੀਅਤ ਕੀਤੀ। ਮੀਟਿੰਗ ਦੀ ਸ਼ੁਰੂਆਤ ਦੌਰਾਨ ਪਾਰਟੀ ਦੀ ਮੌਜੂਦਾ ਸਿਆਸੀ ਸਥਿਤੀ, ਪੰਜਾਬ ਦੇ ਤਾਜ਼ਾ ਹਾਲਾਤ, ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਅਤੇ ਪਾਰਟੀ ਦੀ ਭੂਮਿਕਾ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਪਾਰਟੀ ਆਗੂਆਂ ਨੇ ਸਪਸ਼ਟ ਸ਼ਬਦਾਂ ਵਿੱਚ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਦੀ ਧਰਤੀ, ਪੰਥਕ ਮਰਿਆਦਾ, ਸਿੱਖ ਸਿਧਾਂਤਾਂ ਅਤੇ ਲੋਕਾਂ ਦੇ ਹੱਕਾਂ ਦੀ ਰੱਖਿਆ ਲਈ ਸੰਘਰਸ਼ ਕਰ ਰਿਹਾ ਹੈ ਅਤੇ ਕਿਸੇ ਵੀ ਕਿਸਮ ਦੀ ਸਰਕਾਰੀ ਧੱਕੇਸ਼ਾਹੀ, ਅਨਿਆਂ ਅਤੇ ਦਬਾਅ ਅੱਗੇ ਝੁਕਣ ਵਾਲਾ ਨਹੀਂ। ਇਸ ਮੌਕੇ 'ਤੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨਾਂ ਨੂੰ ਰਸਮੀਂ ਤੌਰ 'ਤੇ ਨਿਯੁਕਤੀ ਪੱਤਰ ਸੌਂਪੇ ਗਏ ਅਤੇ ਪਾਰਟੀ ਦੀ ਅਗਲੀ ਰਣਨੀਤੀ ਦੇ ਤਹਿਤ ਉਨ੍ਹਾਂ ਨੂੰ ਸਪੱਸ਼ਟ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ। ਮੀਟਿੰਗ ਵਿੱਚ ਬਾਪੂ ਤਰਸੇਮ ਸਿੰਘ ਜੀ ਬੋਲਦਿਆਂ ਸਾਰੇ ਜਿਲਾ ਪ੍ਰਧਾਨਾਂ ਨੂੰ ਹਦਾਇਤ ਦਿੱਤੀ ਗਈ ਕਿ ਉਹ ਤੁਰੰਤ ਪ੍ਰਭਾਵ ਨਾਲ ਆਪਣੇ-ਆਪਣੇ ਜ਼ਿਲ੍ਹਿਆਂ ਵਿੱਚ ਪਾਰਟੀ ਦੇ ਢਾਂਚੇ ਨੂੰ ਮਜ਼ਬੂਤ ਕਰਨ, ਵਰਕਰਾਂ ਨਾਲ ਸਿੱਧਾ ਸੰਪਰਕ ਬਣਾਉਣ, ਨੌਜਵਾਨਾਂ ਨੂੰ ਜੋੜਨ ਅਤੇ ਲੋਕਾਂ ਦੇ ਅਸਲੀ ਮਸਲਿਆਂ ਨੂੰ ਪਹਿਲ ਦੇਣ। ਮੀਟਿੰਗ ਦੌਰਾਨ ਪਾਰਟੀ ਦੀ ਜਮੀਨੀਂ ਪੱਧਰ ਤੇ ਮਜ਼ਬੂਤੀ, ਹਲਕਾ ਪੱਧਰੀ ਢਾਂਚੇ ਦੀ ਰਚਨਾ, ਵਾਰਡ ਅਤੇ ਪਿੰਡ ਪੱਧਰ 'ਤੇ ਕਮੇਟੀਆਂ ਬਣਾਉਣ ਅਤੇ ਵਰਕਰਾਂ ਦੀ ਸਿਖਲਾਈ ਸਬੰਧੀ ਯੋਜਨਾਵਾਂ 'ਤੇ ਵੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਪਾਰਟੀ ਦੀ ਅਸਲੀ ਤਾਕਤ ਉਸਦੇ ਵਰਕਰ ਹਨ ਅਤੇ ਵਰਕਰਾਂ ਦੀ ਇੱਜ਼ਤ ਅਤੇ ਭੂਮਿਕਾ ਨੂੰ ਹਰ ਹਾਲਤ ਵਿੱਚ ਯਕੀਨੀ ਬਣਾਇਆ ਜਾਵੇ ਤਾਂ ਜੋ ਪਾਰਟੀ ਦੀ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾਇਆ ਜਾ ਸਕੇ ਅਤੇ ਲੋਕਾਂ ਨੂੰ ਆਪਣੇ ਹੱਕਾਂ ਲਈ ਇਕਜੁੱਟ ਕੀਤਾ ਜਾ ਸਕੇ। ਮੀਟਿੰਗ ਵਿੱਚ ਹਾਜ਼ਰ ਮੁੱਖ ਆਗੂਆਂ ਵਿੱਚ ਬਾਪੂ ਤਰਸੇਮ ਸਿੰਘ ਸਿੰਘ ਜੀ ਦੇ ਨਾਲ ਮੁੱਖ ਤੌਰ ਤੇ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਪਰਮਜੀਤ ਸਿੰਘ ਜੌਹਲ, ਬੀਬੀ ਸੰਦੀਪ ਕੌਰ ਜੀ, ਪ੍ਰੋਫੈਸਰ ਸਤਨਾਮ ਕੌਰ, ਐਡਵੋਕੇਟ ਹਰਪਾਲ ਸਿੰਘ ਖਾਰਾ, ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ, ਬਾਬੂ ਸਿੰਘ ਬਰਾੜ, ਸ੍ਰ ਕਾਬਲ ਸਿੰਘ, ਭਾਈ ਗੁਰਸੇਵਕ ਸਿੰਘ ਜਵਾਹਰਕੇ, ਭਾਈ ਜਸਵਿੰਦਰ ਸਿੰਘ ਬਾਦਲ, ਭਾਈ ਪ੍ਰਗਟ ਸਿੰਘ ਤੋਂ ਇਲਾਵਾ ਨਵ-ਨਿਯੁਕਤ ਜਿਲਾ ਪ੍ਰਧਾਨਾਂ ਵਿੱਚ ਭਾਈ ਦਲੇਰ ਸਿੰਘ ਡੋਡ, ਭਾਈ ਪ੍ਰਭਜੋਤ ਸਿੰਘ ਰਾਹੋਂ, ਭਾਈ ਚਮਕੌਰ ਸਿੰਘ ਬਰਾੜ , ਭਾਈ ਲਖਬੀਰ ਸਿੰਘ ਕੋਟਲਾ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਅਵਤਾਰ ਸਿੰਘ ਸੇਖੋਂ, ਭਾਈ ਮਹਿੰਦਰ ਸਿੰਘ ਬਾਜਵਾ, ਭਾਈ ਕੁਲਵਿੰਦਰ ਸਿੰਘ, ਭਾਈ ਨਿਰਵੈਰ ਸਿੰਘ ਖ਼ਾਲਸਾ, ਐਡਵੋਕੇਟ ਗੁਰਵਿੰਦਰ ਸਿੰਘ, ਭਾਈ ਜਸਵਿੰਦਰ ਸਿੰਘ ਡਰੌਲੀ, ਭਾਈ ਅਵਤਾਰ ਸਿੰਘ ਕਾਹਨਗੜ੍ਹ, ਭਾਈ ਬਲਜਿੰਦਰ ਸਿੰਘ ਲਸੋਈ, ਭਾਈ ਪ੍ਰਤਾਪ ਸਿੰਘ ਅਤੇ ਹੋਰ ਆਗੂ ਵੀ ਹਾਜਰ ਸਨ।

## ਤਰਨਤਾਰਨ ਦੇ ਲਾ ਕਾਲਜ 'ਚ 19 ਸਾਲਾਂ ਲੜਕੀ ਦੀ ਗੋਲੀ ਮਾਰ ਕੇ ਹੱਤਿਆ ਕਰਨ ਵਾਲੀ ਘਟਨਾ ਸਪੱਸ਼ਟ ਕਰਦੀ ਹੈ ਕਿ ਪੰਜਾਬ 'ਚ ਅਮਨ ਕਾਨੂੰਨ ਦੀ ਵਿਵਸਥਾ ਵਿਗੜ ਚੁੱਕੀ ਹੈ : ਭਾਈ ਵਿਰਸਾ ਸਿੰਘ ਖਾਲਸਾ



ਜੰਡਿਆਲਾ ਗੁਰੂ 10 ਫਰਵਰੀ ( ਕੁਲਵੰਤ ਸਿੰਘ ਵਿਰਦੀ ) ਤਰਨਤਾਰਨ ਦੇ ਮਾਤਾ ਭਾਗੋ ਲਾ ਕਾਲਜ ਦੀ 19 ਸਾਲਾਂ ਸੰਦੀਪ ਨਾਮਕ ਵਿਦਿਆਰਥਣ ਦੀ ਤਰਨਤਾਰਨ ਦੇ ਇੱਕ ਨਾਲ ਪੜਦੇ ਵਿਦਿਆਰਥੀ ਵੱਲੋਂ ਗੋਲੀ ਮਾਰ ਕੇ ਹੱਤਿਆ ਕਰਨ ਅਤੇ ਬਾਅਦ ਵਿੱਚ ਆਪਣੇ ਆਪ ਨੂੰ ਗੋਲੀ ਮਾਰ ਕੇ ਆਤਮ ਹੱਤਿਆਂ ਕਰਨ ਵਾਲੀ ਮੰਦਭਾਗੀ ਘਟਨਾ ਤੋਂ ਸਾਫ ਜ਼ਾਹਰ ਹੋ ਗਿਆ ਹੈ ਕਿ ਪੰਜਾਬ ਰਾਜ ਹੁਣ ਜੰਗਲ਼ ਰਾਜ਼ ਬਣ ਚੁੱਕਾ ਹੈ ਅਤੇ ਇਥੇ ਅਮਨ ਕਾਨੂੰਨ ਦੀ ਸਥਿਤੀ ਬਿਲਕੁਲ ਵਿਗੜ ਚੁੱਕੀ ਹੈ ਕਿਉਂਕਿ ਹੁਣ ਲੋਕਾਂ ਦੇ ਬੱਚੇ ਪੜ੍ਹਾਈ ਕੇਂਦਰਾਂ ਵਿੱਚ ਹੀ ਸੇਫ ਨਹੀਂ ਲੱਗਦੇ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਤਰਨਤਾਰਨ ਲਾ ਕਾਲਜ ਦੀ ਸੰਦੀਪ ਨਾਮਕ ਵਿਦਿਆਰਥਣ ਦੀ ਗੋਲੀ ਮਾਰ ਕੇ ਹੱਤਿਆ ਕਰਨ ਵਾਲੀ ਮੰਦਭਾਗੀ ਘਟਨਾ ਤੇ ਗਹਿਰੀ ਚਿੰਤਾ ਦਾ ਪ੍ਰਗਟਾਵਾ ਕਰਦੀ ਹੋਈ ਪੀੜਤ ਪਰਿਵਾਰ ਨੂੰ ਢੁਕਵੀਂ ਮਾਲੀ ਸਹਾਇਤਾ ਕਰਨ ਦੇ ਨਾਲ ਨਾਲ ਪੁਲਿਸ ਪ੍ਰਸ਼ਾਸਨ ਤੋਂ ਮੰਗ ਕਰਦੀ ਹੈ ਕਿ ਇਹ ਪਤਾ ਲਾਇਆ ਜਾਵੇ ਕਿ ਲੜਕੇ ਨੇ ਪਿਸਤੌਲ ਤੇ ਗੋਲੀਆਂ ਕਿਥੋਂ ਲਈਆਂ ਅਤੇ ਕਾਲਜ ਪ੍ਰਸ਼ਾਸਨ ਨੇ ਵੀ ਅਣਗਹਿਲੀ ਵਰਤੀ ਹੈ ਇਨ੍ਹਾਂ ਤੇ ਢੁਕਵਾਂ ਐਕਸ਼ਨ ਲੈਣ ਦੀ ਲੋੜ ਤੇ ਜ਼ੋਰ ਦੇਣਾ ਚਾਹੀਦਾ ਤਾਂ ਕਿ ਅੱਗੇ ਤੋਂ ਕੋਈ ਅਜਿਹੀ ਘਟਨਾ ਦੁਬਾਰਾ ਨਾ ਵਾਪਰ ਸਕੇ, ਕਿਉਂਕਿ ਇੱਕ ਲੜਕਾ ਕਲਾਸ ਵਿੱਚ ਪਿਸਤੌਲ ਲੈ ਕੇ ਅੰਦਰ ਕੇਵੇ ਵੜ ਆਇਆਂ, ਪੁਲਿਸ ਨੂੰ ਇਹ ਵੀ ਪਤਾ ਲਾਉਣਾ ਚਾਹੀਦਾ ਹੈ ਕਿ ਆਖਿਰ ਵਿਦਿਆਰਥੀ ਨੂੰ ਕਲਾਸ ਵਿੱਚ ਅਜਿਹਾ ਕਦਮ ਕਿਉਂ ਪੁੱਟਣਾ ਪਿਆ ਅਤੇ ਉਸ ਨੂੰ ਇਹ ਹਥਿਆਰ ਕਿਸ ਨੇ ਦਿੱਤਾ ਤੇ ਗੋਲੀਆਂ ਕਿਥੋਂ ਲਈਆ ਗਈਆਂ, ਲੋਕ ਸਰਕਾਰ ਤੇ ਇਹ ਸਵਾਲ ਕਰ ਰਹੇ ਹਨ ਕਿ ਰਾਜ ਵਿਚ ਵਿਦਿਆ ਘਰ ਹੀ ਸੁਰੱਖਿਅਤ ਨਹੀਂ ? ਤੇ ਹੋਰ ਥਾਵਾਂ ਕੇਵੇ ਸੁਰੱਖਿਅਤ ਹੋਣਗੀਆਂ, ਲੋਕ ਇਸ ਮਾਮਲੇ ਨੂੰ ਵੇਖ ਕੇ ਸਰਕਾਰ ਤੋਂ ਆਪਣੇ ਸਕੂਲਾਂ ਵਿੱਚ ਪੜ ਰਹੇ ਲੜਕੇ ਲੜਕੀਆਂ ਦੀ ਸੁਰੱਖਿਆ ਨੂੰ ਯੌਕੀਨੀ ਬਣਾਉਣ ਦੀ ਮੰਗ ਕਰ ਰਹੇ ਹਨ ,ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਤਰਨਤਾਰਨ 'ਚ ਲਾ ਦੀ 19 ਸਾਲਾਂ ਵਿਦਿਆਰਥਣ ਨੂੰ ਕਲਾਸ ਵਿੱਚ ਗੋਲੀ ਮਾਰ ਕੇ ਹੱਤਿਆ ਕਰਨ ਤੇ ਆਪਣੇ ਆਪ ਨੂੰ ਗੋਲੀ ਮਾਰ ਕੇ ਹੱਤਿਆ ਕਰਨ ਵਾਲ਼ੀ ਮੰਦਭਾਗੀ ਘਟਨਾ ਤੇ ਗਹਿਰੀ ਚਿੰਤਾ, ਪੀੜਤ ਪਰਿਵਾਰ ਦੀ ਮਾਲੀ ਸਹਾਇਤਾ ਕਰਨ ਅਤੇ ਕਾਲਜ ਪ੍ਰਬੰਧਕਾਂ ਤੇ ਅਣਗਹਿਲੀ ਕਰਨ ਦੀ ਕਾਰਵਾਈ ਅਤੇ ਸਕੂਲਾ ਕਾਲਜਾਂ ਵਿੱਚ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯੌਕੀਨੀ ਬਣਾਉਣ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਭਾਈ ਖਾਲਸਾ ਨੇ ਦੱਸਿਆ ਲੜਕੀ ਦੀ ਮਾਤਾ ਨੇ ਕਿਹਾ ਕਿ ਮੇਰਾ ਪਤਾ ਮਰ ਚੁੱਕਾ ਹੈ ਅਤੇ ਮੇਰੀਆਂ ਸੱਤ ਲੜਕੀਆਂ ਤੇ ਇੱਕ ਪੁੱਤਰ ਹੈ,ਉਸ ਮੁਤਾਬਿਕ ਮੈ ਮਿਹਨਤ ਨਾਲ ਆਪਣੇ ਬੱਚਿਆਂ ਨੂੰ ਪੜਾ ਰਹੀ ਹਾਂ, ਮਾਂ ਦਾ ਕਾਲਜ ਪ੍ਰਸ਼ਾਸਨ ਤੇ ਦੋਸ਼ ਹੈ ਕਿ ਮੇਰੀ ਲੜਕੀ ਸਬੰਧੀ ਮੈਨੂੰ ਝੂਠ ਬੋਲਿਆ ਗਿਆ ਇਸ ਕਰਕੇ ਇਨ੍ਹਾਂ ਤੇ ਵੀ ਕਾਰਵਾਈ ਕੀਤੀ ਜਾਵੇ, ਇਸ ਕਰਕੇ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਜਿਥੇ ਇਸ ਘਟਨਾ ਤੇ ਗਹਿਰੀ ਚਿੰਤਾ ਕਰਦੀ ਹੋਈ ਪੀੜਤ ਪਰਿਵਾਰ ਦੀ ਮਾਲੀ ਸਹਾਇਤਾ ਕਰਨ ਅਤੇ ਪੁਲਿਸ ਪ੍ਰਸ਼ਾਸਨ ਤੋਂ ਲੋਕਾਂ ਦੇ ਪੜ ਰਹੇ ਲੜਕੇ ਲੜਕੀਆਂ ਦੀ ਸੁਰੱਖਿਆ ਨੂੰ ਯੌਕੀਨੀ ਬਣਾਉਣ ਲਈ ਲੋੜੀਂਦੇ ਪ੍ਰਬੰਧ ਕਰਨ ਦੀ ਲੋੜ ਤੇ ਜੋਰ ਦਿੱਤਾ ਜਾਵੇ, ਇਸ ਮੌਕੇ ਤੇ ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਨਾਲ ਭਾਈ ਅਵਤਾਰ ਸਿੰਘ ਅੰਮ੍ਰਿਤਸਰ,ਭਾਈ ਜੋਗਿੰਦਰ ਸਿੰਘ ਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ, ਭਾਈ ਦਿਲਬਾਗ ਸਿੰਘ ਬਾਗੀ ਗੁਰਦਾਸਪੁਰ, ਭਾਈ ਸੁਖਦੇਵ ਸਿੰਘ ਜਗਰਾਓਂ, ਭਾਈ ਇੰਦਰਜੀਤ ਸਿੰਘ ਕਾਉਂਕੇ ਆਦਿ ਆਗੂ ਹਾਜ਼ਰ ਸਨ.

## ਹਰ ਪਰਿਵਾਰ ਨੂੰ ਮਿਲੇਗਾ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ : ਬਲਜੀਤ ਸਿੰਘ ਸਰਾਂ



ਚੌਕ ਮਹਿਤਾ, 10 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)- ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਸੀਨੀਅਰ ਆਗੂ ਐਸੀ ਸੈਲ ਦੇ ਜਨਰਲ ਸਕੱਤਰ ਪੰਜਾਬ ਦੇ ਬਲਜੀਤ ਸਿੰਘ ਸਰਾਂ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 22 ਜਨਵਰੀ ਨੂੰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਕੀਤੀ ਜਾ ਗਈ ਹੈ, ਜਿਸ ਅਧੀਨ ਪੰਜਾਬ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਕੈਸ਼ਲੈੱਸ ਇਲਾਜ ਮਿਲੇਗਾ। ਇਸ ਯੋਜਨਾ ਲਈ ਕੋਈ ਆਮਦਨ ਸੀਮਾ ਨਹੀਂ ਰੱਖੀ ਗਈ ਅਤੇ ਰਾਜ ਦੇ ਸਰਕਾਰੀ ਮੁਲਾਜ਼ਮਾਂ ਨੂੰ ਵੀ ਇਸ ਵਿੱਚ ਸ਼ਾਮਿਲ ਕੀਤਾ ਗਿਆ ਹੈ। ਬਲਜੀਤ ਸਿੰਘ ਸਰਾਂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਸੰਯੋਜਕ ਅਰਵਿੰਦ ਕੇਜਰੀਵਾਲ 22 ਜਨਵਰੀ ਨੂੰ ਇਸ ਯੋਜਨਾ ਦਾ ਸਰਕਾਰੀ ਤੌਰ 'ਤੇ ਆਗਾਜ਼ ਕੀਤਾ। ਉਨ੍ਹਾਂ ਨੇ ਕਿਹਾ ਕਿ ਪਹਿਲੀਆਂ ਸਰਕਾਰਾਂ ਵੱਲੋਂ ਚਲਾਈਆਂ ਸਿਹਤ ਯੋਜਨਾਵਾਂ ਵਿੱਚ ਕੇਵਲ 5 ਲੱਖ ਰੁਪਏ ਤੱਕ ਦੀ ਕਵਰੇਜ ਮਿਲਦੀ ਸੀ, ਪਰ ਮਾਨ ਸਰਕਾਰ ਨੇ ਇਤਿਹਾਸਕ ਫੈਸਲਾ ਲੈਂਦੇ ਹੋਏ ਇਸ ਸੀਮਾ ਨੂੰ ਦੋਗੁਣਾ ਕਰਕੇ 10 ਲੱਖ ਰੁਪਏ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਯੋਜਨਾ ਦਾ ਹੱਕ ਹਰ ਨਿਵਾਸੀ ਨੂੰ ਹੋਵੇਗਾ ਅਤੇ ਕਿਸੇ ਵੀ ਪਰਿਵਾਰ ਨੂੰ ਇਸਦੇ ਲਾਭ ਤੋਂ ਬਾਹਰ ਨਹੀਂ ਰੱਖਿਆ ਜਾਵੇਗਾ। ਇਸ ਯੋਜਨਾ ਤਹਿਤ ਸਰਕਾਰੀ ਅਤੇ ਪ੍ਰਾਈਵੇਟ ਦੋਵੇਂ ਪ੍ਰਕਾਰ ਦੇ ਐਮਪੈਨਲ ਹਸਪਤਾਲਾਂ ਵਿੱਚ ਇਲਾਜ ਕਰਵਾਇਆ ਜਾ ਸਕੇਗਾ। ਅੰਤ ਵਿੱਚ ਉਹਨਾਂ ਨੇ ਕਿਹਾ ਕਿ ਇਹ ਯੋਜਨਾ ਸੂਬੇ ਲਈ ਸਿਹਤ ਖੇਤਰ ਵਿੱਚ ਇਕ ਕ੍ਰਾਂਤੀਕਾਰਕ ਕਦਮ ਸਾਬਤ ਹੋਵੇਗੀ, ਜਿਸ ਨਾਲ ਹਰ ਘਰ ਨੂੰ ਗੁਣਵੱਤਾ ਭਰਪੂਰ ਅਤੇ ਮੁਫ਼ਤ ਇਲਾਜ ਦੀ ਪੂਰੀ ਗਰੰਟੀ ਮਿਲੇਗੀ।

# ਇੱਕ ਨਜ਼ਰ...



## ਸੀਆਈਐਚਐਮ ਵਿੱਚ 14ਵੀਂ ਨੌਰਥ ਇੰਡੀਆ ਪੈਟਿਸਰੀ ਕੰਪਟੀਸ਼ਨ ਦਾ ਸ਼ਾਨਦਾਰ ਆਗਾਜ਼

### ਸੱਤ ਰਾਜਾਂ ਦੀਆਂ 17 ਟੀਮਾਂ ਤਿੰਨ ਦਿਨਾਂ ਦੀ ਕੰਪਟੀਸ਼ਨ ਵਿੱਚ ਲੈ ਰਹੀਆਂ ਨੇ ਹਿੱਸਾ

ਚੌਕ ਮਹਿਤਾ, 10 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ): ਚੰਡੀਗੜ੍ਹ ਇੰਸਟੀਚਿਊਟ ਆਫ਼ ਹੋਟਲ ਮੈਨੇਜਮੈਂਟ (ਸੀਆਈਐਚਐਮ), ਸੈਕਟਰ-42 ਵਿੱਚ ਮੰਗਲਵਾਰ ਨੂੰ 14ਵੀਂ ਨੌਰਥ ਇੰਡੀਆ ਪੈਟਿਸਰੀ ਕੰਪਟੀਸ਼ਨ 2026 ਦਾ ਜੋਸ਼ ਅਤੇ ਉਤਸ਼ਾਹ ਨਾਲ ਸ਼ੁਭਾਰੰਭ ਕੀਤਾ ਗਿਆ। ਸੀਆਈਐਚਐਮ ਅਤੇ ਯੂਐੱਸ ਹਾਈਬਸ਼ ਬਲੂਬੈਰੀ ਕੌਂਸਲ (ਯੂਐੱਸਐਚਬੀਸੀ) ਦੇ ਸਾਂਝੇ ਸਹਿਯੋਗ ਨਾਲ ਆਯੋਜਿਤ ਇਹ ਤਿੰਨ ਦਿਨਾਂ ਦਾ ਸਮਾਗਮ ਉੱਤਰ ਭਾਰਤ ਦੀਆਂ ਸਭ ਤੋਂ ਪ੍ਰਤਿਸ਼ਠਤ ਪੈਟਿਸਰੀ ਮੁਕਾਬਲਿਆਂ ਵਿੱਚ ਸ਼ਾਮਲ ਹੈ। ਇਸ ਮੁਕਾਬਲੇ ਦਾ ਮੁੱਖ ਉਦੇਸ਼ ਨੌਜਵਾਨ ਪ੍ਰਤਿਭਾਵਾਂ ਨੂੰ ਆਧੁਨਿਕ ਪੈਟਿਸਰੀ ਵਿੱਚ ਨਵੀਂ ਸੋਚ, ਤਕਨੀਕੀ ਮਹਾਰਤ ਅਤੇ ਰਚਨਾਤਮਕ ਕਾਬਲੀਆਂ ਦਿਖਾਉਣ ਲਈ ਇੱਕ ਮੰਚ ਪ੍ਰਦਾਨ ਕਰਨਾ ਹੈ। ਇਸ ਸਾਲ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ, ਉੱਤਰ ਪ੍ਰਦੇਸ਼, ਉੱਤਰਾਖੰਡ ਅਤੇ ਹਿਮਾਚਲ ਪ੍ਰਦੇਸ਼ ਦੇ ਪ੍ਰਮੁੱਖ ਹੋਟਲ ਮੈਨੇਜਮੈਂਟ ਅਤੇ ਕਿਊਲਿਨਰੀ ਸੰਸਥਾਨਾਂ ਦੀਆਂ 17 ਟੀਮਾਂ ਮੁਕਾਬਲੇ ਵਿੱਚ ਭਾਗ ਲੈ ਰਹੀਆਂ ਹਨ। ਹਰ ਟੀਮ ਵਿੱਚ ਦੋ ਵਿਦਿਆਰਥੀ ਸ਼ਾਮਲ ਹਨ, ਜੋ ਆਪਣੀ ਕਲਾ, ਸਿਰਜਣਾਤਮਕ ਸੋਚ ਅਤੇ ਕਲਾਤਮਕ ਪੇਸ਼ਕਾਰੀ ਰਾਹੀਂ ਜੱਜਾਂ ਨੂੰ ਪ੍ਰਭਾਵਿਤ ਕਰ ਰਹੇ ਹਨ ਇਸ ਐਡੀਸ਼ਨ ਦੀ ਖਾਸ ਗੱਲ ਇਹ ਰਹੀ ਕਿ ਹਰ ਸ਼੍ਰੇਣੀ ਵਿੱਚ ਯੂਐੱਸਏ ਬਲੂਬੈਰੀਜ਼ ਦੀ ਵਰਤੋਂ ਲਾਜ਼ਮੀ ਰੱਖੀ ਗਈ। ਭਾਗੀਦਾਰਾਂ ਨੇ ਥੀਮ-ਅਧਾਰਿਤ ਡੈਕੋਰੇਟਿਡ ਕੇਕ, ਪਲੇਟਡ ਡੈਜ਼ਰਟ, ਬ੍ਰੈਡਜ਼, ਪਟੀ ਫੋਰਜ਼, ਫੌਂਡੈਂਟ ਮਾਡਲਿੰਗ ਅਤੇ ਕਿਊਜ਼ ਕੰਪਟੀਸ਼ਨ ਵਿੱਚ ਫ੍ਰੋਜ਼ਨ, ਪਿਊਰੇ, ਫਰੂਟ ਫਿਲਿੰਗ, ਫ੍ਰੀਜ਼-ਡ੍ਰਾਇਡ ਅਤੇ ਡ੍ਰਾਇਡ ਬਲੂਬੈਰੀਜ਼ ਨੂੰ ਬਹੁਤ ਹੀ ਨਵੀਨ ਤਰੀਕਿਆਂ ਨਾਲ ਵਰਤਿਆ। ਪਹਿਲੇ ਦਿਨ ਬ੍ਰੈਡਜ਼ ਅਤੇ ਪਟੀ ਫੋਰਜ਼ ਦੀਆਂ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ। ਮੁਕਾਬਲੇ ਦੀ ਜੱਜਿੰਗ ਪ੍ਰਸਿੱਧ ਜੂਰੀ ਪੈਨਲ ਵੱਲੋਂ ਕੀਤੀ ਗਈ, ਜਿਸ ਵਿੱਚ ਸ਼ੈਫ਼ ਅਸ਼ੀਅਨ ਟੋਪਨੋ (ਰੀਜਨਲ ਹੈੱਡ - ਪਿਲਸਬਰੀ ਇੰਡੀਆ), ਸ਼ੈਫ਼ ਗੁਰੂ ਪ੍ਰਕਾਸ਼ ਸਿੰਘ (ਲੀਡ ਸ਼ੈਫ਼ ਅਤੇ ਬੇਕਰੀ ਐਪਲੀਕੇਸ਼ਨ ਸਪੈਸ਼ਿਲਸਟ), ਸ਼ੈਫ਼ ਸਤਿਆ ਪ੍ਰਕਾਸ਼ (ਐਗਜ਼ਿਕਊਟਿਵ ਸ਼ੈਫ਼, ਹਾਲੀਡੇ ਇਨ ਚੰਡੀਗੜ੍ਹ - ਆਈਐਚਜੀ) ਅਤੇ ਸ਼ੈਫ਼ ਸੰਦੀਪ ਕਨੌਜੀਆ (ਪੈਟਿਸਰੀ ਸ਼ੈਫ਼, ਹਿਆਤ ਰੀਜੈਂਸੀ ਚੰਡੀਗੜ੍ਹ) ਸ਼ਾਮਲ ਸਨ। ਜੂਰੀ ਨੇ ਵਿਦਿਆਰਥੀਆਂ ਦੀ ਤਕਨੀਕ, ਸਟੀਕਤਾ ਅਤੇ ਨਵੀਨਤਾ ਦੀ ਖੁਲ ਕੇ ਸਰਾਹਨਾ ਕੀਤੀ। ਇਸ ਮੌਕੇ ਉੱਤੇ ਸਮਾਗਮ ਦਾ ਉਦਘਾਟਨ ਸੀ ? ?ਐਚਐਮ ਦੇ ਪ੍ਰਿੰਸਿਪਲ ਵਿਸ਼ਾਲ ਕਾਲੀਆ ਅਤੇ ਯੂਐੱਸਏ ਬਲੂਬੈਰੀਜ਼ ਦੇ ਇੰਡੀਆ ਨੁਮਾਇੰਦੇ ਰਾਜ ਕਪੂਰ ਵੱਲੋਂ ਦੀਪ ਪ੍ਰਜਵਲਨ ਕਰਕੇ ਕੀਤਾ ਗਿਆ। ਵਿਸ਼ਾਲ ਕਾਲੀਆ ਨੇ ਕਿਹਾ ਕਿ ਨੌਰਥ ਇੰਡੀਆ ਪੈਟਿਸਰੀ ਕੰਪਟੀਸ਼ਨ ਹੁਣ ਕਿਊਲਿਨਰੀ ਸਿੱਖਿਆ ਵਿੱਚ ਇੱਕ ਮਾਪਦੰਡ ਬਣ ਚੁੱਕੀ ਹੈ ਅਤੇ ਇਹ ਵਿਦਿਆਰਥੀਆਂ ਨੂੰ ਉਦਯੋਗ ਲਈ ਤਿਆਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ। ਉੱਥੇ ਹੀ ਰਾਜ ਕਪੂਰ ਨੇ ਨੌਜਵਾਨ ਸ਼ੈਫ਼ਾਂ ਵੱਲੋਂ ਯੂਐੱਸਏ ਬਲੂਬੈਰੀਜ਼ ਦੀ ਰਚਨਾਤਮਕ ਵਰਤੋਂ ਦੀ ਸਰਾਹਨਾ ਕਰਦਿਆਂ ਭਾਰਤੀ ਖਾਣ-ਪੀਣ ਦੇ ਖੇਤਰ ਵਿੱਚ ਵਿਸ਼ਵ ਪੱਧਰੀ ਸਮੱਗਰੀ ਨੂੰ ਉਤਸ਼ਾਹਿਤ ਕਰਨ ਦੀ ਵਚਨਬੱਧਤਾ ਦੁਹਰਾਈ।

### ਸ੍ਰੀ ਦਰਬਾਰ ਸਾਹਿਬ ਵਿਖੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਲੰਗਰ ਦੀ ਸੇਵਾ

## ਪੰਜਾਬ ਭਰ 'ਚ ਚਲਾਈ ਗਈ ਨਗਰ ਕੀਰਤਨ ਸਾਹਿਬਾਨ ਦੀ ਕਾਮਯਾਬ ਸੰਪੂਰਨਤਾ ਸਬੰਧੀ ਕੀਤੀ ਅਰਦਾਸ



ਅੰਮ੍ਰਿਤਸਰ , 10 ਫਰਵਰੀ ( ਆਵਾਜ਼ਿ ਕੌਮ ਬਿਊਰੋ)- ਅੱਜ ਸ੍ਰੀ ਦਰਬਾਰ ਸਾਹਿਬ ਵਿਖੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸ੍ਰੀ ਗੁਰੂ ਗਰੰਥ ਸਾਹਿਬ ਜੀ ਅੱਗੇ ਨਤਮਸਤਕ ਹੋ ਕੇ ਹਰ ਮਹੀਨੇ ਲਈ ਮਿਥੀ ਹੋਈ ਲੰਗਰ ਸੇਵਾ ਸਬੰਧੀ ਫਰਵਰੀ ਮਹੀਨੇ ਦੀ ਲੰਗਰ ਸੇਵਾ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਗਿਆਨੀ ਜਸਵੀਰ ਸਿੰਘ ਰੋਡੇ ਅਤੇ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ ਨੇ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਗੁਰੂ ਸਾਹਿਬਾਨ ਜੀ ਦੀ ਬਖਸ਼ਿਸ਼ ਸਦਕਾ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਧੰਨ-ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਅਨਿਨ ਸੇਵਕਾਂ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲ ਦਾਸ ਜੀ ਦੀ 350 ਸਾਲਾ ਮਹਾਨ ਸ਼ਹੀਦੀ ਨੂੰ ਸਮਰਪਤ ਬੀਤੇ ਵਰ੍ਹੇ ਪੰਜਾਬ ਦੇ ਵੱਖ-ਵੱਖ ਪਿੰਡਾਂ ਵਿੱਚ ਨਗਰ ਕੀਰਤਨ ਸਜਾ ਕੇ ਗੁਰਮਤਿ ਦਾ ਪ੍ਰਚਾਰ ਕੀਤਾ ਗਿਆ, ਇਸ ਮੌਕੇ ਨਗਰ ਕੀਰਤਨ ਸਾਹਿਬਾਨ ਦੀ ਲੜੀ ਦੀ ਕਾਮਯਾਬ ਸੰਪੂਰਨਤਾ ਦੀ ਗੁਰੂ ਚਰਨਾ ਵਿੱਚ ਅਰਦਾਸ ਵੀ ਕੀਤੀ ਗਈ, ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਮੇਹਰ ਕਰਨ ਤੇ ਹੋਰ ਨਗਰ ਨਗਰ ਕੀਰਤਨ ਸਜਾ ਕੇ ਸੰਗਤਾਂ ਵਿੱਚ ਗੁਰਮਤਿ ਪ੍ਰਚਾਰ ਕਰਨ ਦਾ ਬਲ ਬਖ਼ਿਸ਼ਸ਼ ਕਰਨ। ਸਿੰਘ ਸਾਹਿਬ ਨੇ ਇਸ ਮੌਕੇ ਸਮੂਹ ਸੰਗਤ ਨੂੰ ਪੰਥ ਦੀ ਚੜ੍ਹਦੀ ਕਲਾ ਲਈ ਨਿਤਨੇਮ ਦੇ ਨਾਲ-ਨਾਲ ਇੱਕ ਪਾਠ ਜਪੁਜੀ ਸਾਹਿਬ ਦਾ ਵੀ ਕਰਨ ਲਈ ਪ੍ਰੇਰਨਾ ਕੀਤੀ ਅਤੇ ਸਮੁੱਚੇ ਇੰਟਰਨੈਸ਼ਨਲ ਪੰਥਕ ਦਲ ਨੂੰ ਸੰਗਤਾਂ ਨੂੰ ਇਸ ਸਬੰਧੀ ਪ੍ਰੇਰਦੇ ਰਹਿਣ ਲਈ ਵੀ ਕਿਹਾ। ਇਸ ਮੌਕੇ ਹੋਰਨਾ ਤੋਂ ਇਲਾਵਾ ਬਾਬਾ ਚਰਨਜੀਤ ਸਿੰਘ ਜੱਸੋਵਾਲ, ਬਾਬਾ ਸਵਰਨਜੀਤ ਸਿੰਘ ਮੁਖੀ ਤਰਨਾ ਦਲ (ਦੋਆਬਾ), ਬਾਬਾ ਸੱਜਣ ਸਿੰਘ, ਬਾਬਾ ਸਤਨਾਮ ਸਿੰਘ ਵਲੀਆ, ਦਲੀਪ ਸਿੰਘ ਚਕਰ, ਦਰਸ਼ਨ ਸਿੰਘ ਮੰਡ, ਕਿਰਪਾ ਸਿੰਘ ਅਤੇ ਹੋਰ ਸਖਸ਼ੀਅਤਾਂ ਹਾਜ਼ਰ ਸਨ। ਸ੍ਰੀ ਦਰਬਾਰ ਸਾਹਿਬ ਵਿਖੇ ਲੰਗਰ ਦੀ ਸੇਵਾ ਦੌਰਾਨ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਗਿਆਨੀ ਜਸਵੀਰ ਸਿੰਘ ਰੋਡੇ, ਬਾਬਾ ਚਰਨਜੀਤ ਸਿੰਘ ਜੱਸੋਵਾਲ, ਬਾਬਾ ਸਵਰਨਜੀਤ ਸਿੰਘ, ਬਾਬਾ ਸੱਜਣ ਸਿੰਘ, ਬਾਬਾ ਸਤਨਾਮ ਸਿੰਘ ਵਲੀਆ, ਦਲੀਪ ਸਿੰਘ ਚਕਰ, ਦਰਸ਼ਨ ਸਿੰਘ ਮੰਡ, ਕਿਰਪਾ ਸਿੰਘ ਅਤੇ ਹੋਰ।

# ਸ਼ਹੀਦ ਭਾਈ ਸਰਵਣ ਸਿੰਘ ਦੇ ਸਪੁੱਤਰ ਭਾਈ ਮਹਿੰਦਰਪਾਲ ਸਿੰਘ ਦੇ ਪਰਿਵਾਰ ਵੱਲੋਂ ਗੁਰਧਾਮਾਂ ਦੇ ਦਰਸ਼ਨ ਦੀਦਾਰਿਆਂ ਲਈ ਸੰਗਤਾਂ ਦੀ ਸੇਵਾ ਕੀਤੀ ਗਈ









**ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ**

ਜੂਨ 1984 ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਵਿਖੇ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਨਾਲ ਜੂਝ ਕੇ ਸ਼ਹਾਦਤ ਦਾ ਜਾਮ ਪੀਣ ਵਾਲੇ ਨਗਰ ਵਾੜਾ ਸ਼ੇਰ ਸਿੰਘ ਜੀ ਤੋਂ ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦੇ ਸਪੁੱਤਰ ਭਾਈ ਮਹਿੰਦਰ ਪਾਲ ਸਿੰਘ ਜੀ ਦੇ ਪਰਿਵਾਰ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਅਤੇ ਹੋਰ ਗੁਰਧਾਮਾਂ ਦੇ ਸੰਗਤਾਂ ਨੂੰ ਦਰਸ਼ਨ ਦੀਦਾਰ ਕਰਵਾਏ ਗਏ। ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਦੱਸਿਆ ਕਿ ਭਾਈ ਮਹਿੰਦਰ ਪਾਲ ਸਿੰਘ ਜੀ ਦੇ ਭੁਜੰਗੀ ਦੀ ਅਰਦਾਸ ਸ੍ਰੀ ਅਨੰਦਪੁਰ ਸਾਹਿਬ ਵਿਖੇ ਕੀਤੀ ਗਈ ਸੀ ਜਿਸ ਨੂੰ ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਮਨਜ਼ੂਰ ਕਰਦਿਆਂ ਭਾਈ ਮਹਿੰਦਰ ਪਾਲ ਸਿੰਘ ਜੀ ਨੂੰ ਪੁੱਤਰ ਰਣਯੋਧ ਸਿੰਘ ਦੀ ਦਾਤ ਬਖਸ਼ੀ ਗਈ। ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਸ਼ੁਕਰਾਨਾ ਕਰਨ ਵਾਸਤੇ ਭਾਈ ਮਹਿੰਦਰ ਪਾਲ ਸਿੰਘ ਜੀ ਵੱਲੋਂ ਸੰਗਤਾਂ ਨੂੰ ਸ੍ਰੀ ਅਨੰਦਪੁਰ ਸਾਹਿਬ ਅਤੇ ਹੋਰ ਗੁਰਧਾਮਾਂ ਦੇ ਦਰਸ਼ਨ ਦੀਦਾਰ ਕਰਵਾਏ ਗਏ। ਰਸਤੇ ਵਿੱਚ ਸੰਗਤਾਂ ਵੱਲੋਂ ਹਰ ਜਸ ਨਾਮ ਸਿਮਰਨ ਗੁਰਮੰਤਰ ਦੇ ਜਾਪ ਕੀਤੇ ਗਏ। ਸ੍ਰੀ ਅਨੰਦਪੁਰ ਸਾਹਿਬ ਜੀ ਵਿਖੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ। ਬਾਬਾ ਸੱਜਣ ਸਿੰਘ ਜੀ ਵੱਲੋਂ ਸੰਗਤ ਨੂੰ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣਨ ਅਤੇ ਸਵੇਰੇ ਸ਼ਾਮ ਨਿਤਨੇਮ ਲਈ ਪ੍ਰੇਰਿਤ ਕੀਤਾ।

## ਸ਼ਿਹਦ ਦੀ ਆਮ ਜੀਵਨ ਵਿੱਚ ਮਹੱਤਤਾ



ਸ਼ਿਹਦ ਪ੍ਰਾਚੀਨ ਕਾਲ ਤੋਂ ਹੀ ਇੱਕ ਕੁਦਰਤੀ ਭੋਜਨ ਅਤੇ ਔਸ਼ਧੀ ਪਦਾਰਥ ਵਜੋਂ ਵਰਤਿਆ ਜਾਂਦਾ ਆ ਰਿਹਾ ਹੈ। ਆਧੁਨਿਕ ਵਿਗਿਆਨਕ ਖੋਜਾਂ ਨੇ ਇਸਦੇ ਕਈ ਪਰੰਪਰਾਗਤ ਉਪਯੋਗਾਂ ਦੀ ਪੁਸ਼ਟੀ ਕੀਤੀ ਹੈ ਅਤੇ ਸ਼ਿਹਦ ਨੂੰ ਇੱਕ ਜਟਿਲ ਜੈਵ-ਸਕ੍ਰਿਆਸ਼ੀਲ ਪਦਾਰਥ ਸਾਬਤ ਕੀਤਾ ਹੈ, ਜਿਸ ਵਿੱਚ ਰੋਗ-ਪ੍ਰਤੀਰੋਧਕ ਤੰਤ੍ਰ ਨੂੰ ਸੰਤੁਲਿਤ ਕਰਨ ਵਾਲੇ (ਇਮਿਊਨੋਮੋਡਿਊਲੇਟਰੀ), ਜੀਵਾਣੂ-ਨਾਸ਼ਕ, ਐਂਟੀਆਕਸੀਡੈਂਟ ਅਤੇ ਪਾਚਨ ਸੰਬੰਧੀ ਲਾਭ ਮੌਜੂਦ ਹਨ। ਸ਼ਿਹਦ ਇੱਕ ਕੁਦਰਤੀ ਮਿੱਠਾ ਪਦਾਰਥ ਹੈ ਜੋ ਐਪਿਸ ਪ੍ਰਜਾਤੀ ਦੀਆਂ ਮੱਖੀਆਂ ਫੁੱਲਾਂ ਦੇ ਰਸ ਤੋਂ ਤਿਆਰ ਕਰਦੀਆਂ ਹਨ। ਰਸਾਇਣਕ ਤੌਰ 'ਤੇ ਇਹ ਸ਼ੱਕਰਾਂ—ਮੁੱਖ ਤੌਰ 'ਤੇ ਫਰਕਟੋਜ਼ ਅਤੇ ਗਲੂਕੋਜ਼—ਦਾ ਇੱਕ ਅਤਿ-ਸੰਤ੍ਰਿਪਤ ਘੋਲ ਹੁੰਦਾ ਹੈ, ਜਿਸ ਵਿੱਚ ਐਂਜ਼ਾਈਮ, ਐਮੀਨੋ ਐਸਿਡ, ਆਰਗੈਨਿਕ ਐਸਿਡ, ਵਿਟਾਮਿਨ, ਖਨਿਜ, ਪੌਲੀਫੀਨੋਲ ਅਤੇ ਯੋਗਿਕ ਵੀ ਸ਼ਾਮਲ ਹੁੰਦੇ ਹਨ। ਰਿਫਾਇੰਡ ਚੀਨੀ ਤੋਂ ਭਿੰਨ, ਸ਼ਿਹਦ ਇੱਕ ਜੈਵਿਕ ਤੌਰ 'ਤੇ ਸਰਗਰਮ ਭੋਜਨ ਹੈ, ਜਿਸ ਦੇ ਔਸ਼ਧੀ ਗੁਣ ਸਿਰਫ਼ ਕੈਲੋਰੀਆਂ ਤੱਕ ਸੀਮਤ ਨਹੀਂ। ਫੰਕਸ਼ਨਲ ਭੋਜਨਾਂ ਅਤੇ ਕੁਦਰਤੀ ਰੋਗ-ਪ੍ਰਤੀਰੋਧ ਵੱਧਾਉਣ ਵਾਲੇ ਪਦਾਰਥਾਂ ਪ੍ਰਤੀ ਵੱਧ ਰਹੀ ਰੁਚੀ ਨਾਲ, ਸ਼ਿਹਦ ਨੂੰ ਪੋਸ਼ਣ ਵਿਗਿਆਨ, ਰੋਕਥਾਮੀ ਇਲਾਜ਼ ਅਤੇ ਇਕਾਈਕ੍ਰਿਤ ਸਿਹਤ ਸੰਭਾਲ ਵਿੱਚ ਨਵੀਂ ਮਹੱਤਤਾ ਮਿਲੀ ਹੈ। ਸ਼ਿਹਦ ਵਿੱਚ ਲਗਭਗ 80% ਕਾਰਬੋਹਾਈਡਰੇਟ, 17-18% ਪਾਣੀ ਅਤੇ ਥੋੜ੍ਹੀ ਮਾਤਰਾ ਵਿੱਚ ਪ੍ਰੋਟੀਨ, ਐਂਜ਼ਾਈਮ (ਜਿਵੇਂ ਇਨਵਰਟੇਜ਼, ਗਲੂਕੋਜ਼ ਆਕਸੀਡੇਜ਼ ਅਤੇ ਕੈਟਾਲੇਜ਼), ਖਨਿਜ (ਪੋਟਾਸ਼ੀਅਮ, ਕੈਲਸ਼ੀਅਮ, ਮੈਗਨੀਸ਼ੀਅਮ, ਲੋਹਾ), ਵਿਟਾਮਿਨ (ਬੀ-ਕੰਪਲੈਕਸ, ਅਤੇ ਘੱਟ ਮਾਤਰਾ ਵਿੱਚ ਵਿਟਾਮਿਨ ਸੀ) ਅਤੇ ਐਂਟੀਆਕਸੀਡੈਂਟ—ਜਿਵੇਂ ਫਲੇਵਨੋਇਡ ਅਤੇ ਫੀਨੋਲਿਕ ਐਸਿਡ—ਮੌਜੂਦ ਹੁੰਦੇ ਹਨ। ਇਹ ਸਾਰੇ ਤੱਤ ਮਿਲ ਕੇ ਸ਼ਿਹਦ ਦੇ ਸਰੀਰਕ ਲਾਭਾਂ ਵਿੱਚ ਯੋਗਦਾਨ ਪਾਉਂਦੇ ਹਨ। ਖਾਸ ਤੌਰ 'ਤੇ ਗਲੂਕੋਜ਼ ਆਕਸੀਡੇਜ਼ ਇੱਕ ਮਹੱਤਵਪੂਰਨ ਐਂਜ਼ਾਈਮ ਹੈ, ਜੋ ਸ਼ਿਹਦ ਪਤਲਾ ਹੋਣ 'ਤੇ ਹਾਈਡਰੋਜਨ ਪਰਆਕਸਾਈਡ ਦੀ ਘੱਟ ਮਾਤਰਾ ਪੈਦਾ ਕਰਦਾ ਹੈ। ਇਹ ਜੀਵਾਣੂ-ਨਾਸ਼ਕ ਪ੍ਰਭਾਵ ਪ੍ਰਦਾਨ ਕਰਦਾ ਹੈ ਬਿਨਾਂ ਟਿਸ਼ੂਜ਼ ਨੂੰ ਨੁਕਸਾਨ ਪਹੁੰਚਾਏ। ਆਮ ਤੌਰ 'ਤੇ ਗੂੜ੍ਹੇ ਰੰਗ ਵਾਲੇ ਸ਼ਿਹਦ ਵਿੱਚ ਐਂਟੀਆਕਸੀਡੈਂਟ ਵੱਧ ਮਾਤਰਾ ਵਿੱਚ ਹੁੰਦੇ ਹਨ, ਜੋ ਰੋਗ-ਪ੍ਰਤੀਰੋਧਕ ਅਤੇ ਮੈਟਾਬੋਲਿਕ ਸਿਹਤ ਲਈ ਲਾਭਦਾਇਕ ਹਨ। ਸ਼ਿਹਦ ਦੀ ਇਮਿਊਨ ਵਧਾਉਣ ਵਾਲੀ ਸਮਰੱਥਾ ਕਈ ਤਰੀਕਿਆਂ ਰਾਹੀਂ ਸਾਬਤ ਹੁੰਦੀ ਹੈ:ਸ਼ਿਹਦ ਵਿੱਚ ਮੌਜੂਦ ਪੌਲੀਫੀਨੋਲ ਮੁਫ਼ਤ ਰੈਡੀਕਲਾਂ ਨੂੰ ਨਿਸ਼ਕ੍ਰਿਆ ਕਰਦੇ ਹਨ, ਜਿਸ ਨਾਲ ਆਕਸੀਡੇਟਿਵ ਤਣਾਅ ਘੱਟਦਾ ਹੈ। ਇਹ ਤਣਾਅ ਰੋਗ-ਪ੍ਰਤੀਰੋਧਕ ਕਮਜ਼ੋਰੀ, ਲੰਬੇ ਸਮੇਂ ਦੀ ਸੋਜ਼ ਅਤੇ ਬੁਢ.ਾਪੇ ਦਾ ਇੱਕ ਮੁੱਖ ਕਾਰਕ ਹੈ। ਤਣਾਅ ਘਟਣ ਨਾਲ ਇਮਿਊਨ ਸੈੱਲ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰਦੇ ਹਨ। ਸ਼ਿਹਦ ਵਿਆਪਕ ਜੀਵਾਣੂ-ਨਾਸ਼ਕ ਗੁਣ ਰੱਖਦਾ ਹੈ। ਇਸਦਾ ਘੱਟ ਪੀਐਚ pH, ਆਸਮੋਟਿਕ ਪ੍ਰਭਾਵ, ਹਾਈਡਰੋਜਨ ਪਰਆਕਸਾਈਡ ਦੀ ਉਤਪੱਤੀ ਅਤੇ ਜੈਵਿਕ ਸਰਗਰਮ ਯੋਗਿਕ ਮਿਲ ਕੇ ਜੀਵਾਣੂਆਂ ਦੇ ਵਾਧੇ ਨੂੰ ਰੋਕਦੇ ਹਨ, ਜਿਸ ਨਾਲ ਸਰੀਰ 'ਤੇ ਸੰਕ੍ਰਮਣ ਦਾ ਭਾਰ ਘਟਦਾ ਹੈ। ਖੋਜਾਂ ਦਰਸਾਉਂਦੀਆਂ ਹਨ ਕਿ ਸ਼ਿਹਦ ਮੋਨੋਸਾਈਟਸ ਵੱਲੋਂ ਸਾਇਟੋਕਾਈਨ ਉਤਪਾਦਨ ਨੂੰ ਉਤਸ਼ਾਹਿਤ ਕਰ ਸਕਦਾ ਹੈ, ਜਿਸ ਨਾਲ ਜਨਮਜਾਤ ਅਤੇ ਅਨੁਕੂਲ ਦੋਵਾਂ ਤਰ੍ਹਾਂ ਦੀਆਂ ਰੋਗ-ਪ੍ਰਤੀਰੋਧਕ ਪ੍ਰਤਿਕਿਰਿਆਵਾਂ ਸਰਗਰਮ ਹੁੰਦੀਆਂ ਹਨ। ਇਹ ਪ੍ਰਭਾਵ ਬਿਨਾਂ ਸੋਜ਼ ਪੈਦਾ ਕੀਤੇ ਸੰਕ੍ਰਮਣਾਂ ਨਾਲ ਲੜਨ ਵਿੱਚ ਮਦਦ ਕਰਦਾ ਹੈ। ਸ਼ਿਹਦ ਖੰਘ ਨੂੰ ਸ਼ਾਂਤ ਕਰਦਾ ਹੈ, ਗਲੇ ਦੀ ਖਾਰਿਸ਼ ਘਟਾਉਂਦਾ ਹੈ ਅਤੇ ਉੱਪਰੀ ਸਾਹ ਰੋਗਾਂ ਦੌਰਾਨ ਨੀਂਦ ਦੀ ਗੁਣਵੱਤਾ ਸੁਧਾਰਦਾ ਹੈ, ਜਿਸ ਨਾਲ ਰੋਗ-ਪ੍ਰਤੀਰੋਧਕ ਪੁਨਰ-ਸਥਾਪਨਾ ਵਿੱਚ ਮਦਦ ਮਿਲਦੀ ਹੈ। ਸ਼ਿਹਦ ਪਚਨ ਤੰਤ੍ਰ ਦੀ ਸਿਹਤ ਨੂੰ ਬਣਾਈ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ: ਸ਼ਿਹਦ ਵਿੱਚ ਓਲਿਗੋਸੈਕਰਾਈਡ ਹੁੰਦੇ ਹਨ, ਜੋ ਪ੍ਰੀਬਾਇਓਟਿਕ ਵਜੋਂ ਕੰਮ ਕਰਦੇ ਹੋਏ ਲੈਕਟੋਬੈਸਿਲਸ ਅਤੇ ਬਿਫੀਡੋਬੈਕਟੀਰੀਅਮ ਵਰਗੀਆਂ ਲਾਭਦਾਇਕ ਸੂਖਮ ਜੀਵੀ ਬੈਕਟੀਰੀਆ ਦੀ ਗਿਣਤੀ ਵਿੱਚ ਵਾਧਾ ਕਰਦੇ ਹਨ। ਸਿਹਤਮੰਦ ਗਟ ਮਾਈਕ੍ਰੋਬਾਇਓਮ ਪਾਚਨ, ਪੋਸ਼ਕ ਤੱਤਾਂ ਦੀ ਜਜ਼ਬੀਅਤ ਅਤੇ ਇਮਿਊਨ ਨਿਯੰਤਰਣ ਲਈ ਜ਼ਰੂਰੀ ਹੈ। ਸ਼ਿਹਦ ਪੇਟ ਦੀ ਅੰਦਰੂਨੀ ਪਰਤ ਦੀ ਰੱਖਿਆ ਕਰਦਾ ਹੈ, ਤੇਜ਼ਾਬ ਕਾਰਨ ਹੋਣ ਵਾਲੀ ਸੱਟ ਫੇਟਾਂ ਨੂੰ ਘਟਾਉਂਦਾ ਹੈ। ਸ਼ਿਹਦ ਦੇ ਐਂਜ਼ਾਈਮ ਕਾਰਬੋਹਾਈਡਰੇਟ ਦੇ ਪਾਚਨ ਵਿੱਚ ਮਦਦ ਕਰਦੇ ਹਨ। ਗਰਮ ਪਾਣੀ ਨਾਲ ਲੈਣ 'ਤੇ ਇਸਦਾ ਹਲਕਾ ਜੁਲਾਬੀ ਪ੍ਰਭਾਵ ਕਬਜ਼ ਦੂਰ ਕਰਨ ਵਿੱਚ ਸਹਾਇਕ ਹੁੰਦਾ ਹੈ। ਸ਼ਿਹਦ ਦੇ ਐਂਟੀ-ਇਨਫਲਾਮੇਟਰੀ ਗੁਣ ਅੰਤੜੀਆਂ ਦੀ ਅੰਦਰੂਨੀ ਪਰਤ ਨੂੰ ਸ਼ਾਂਤ ਕਰਦੇ ਹਨ, ਜਿਸ ਨਾਲ ਪੇਟ ਦੇ ਰੋਗਾਂ ਵਾਲੇ ਲੱਛਣਾਂ ਵਿੱਚ ਲਾਭ ਮਿਲਦਾ ਹੈ। ਸ਼ਿਹਦ ਨੂੰ ਰੋਜ਼ਾਨਾ ਜੀਵਨ ਵਿੱਚ ਕਈ ਸਿਹਤ-ਵਧਾਉਣ ਵਾਲੇ ਤਰੀਕਿਆਂ ਨਾਲ ਸ਼ਾਮਲ ਕੀਤਾ ਜਾ ਸਕਦਾ ਹੈ: ਸਵੇਰੇ ਲੈਣ ਨਾਲ ਪਾਚਨ ਅਤੇ ਕਬਜ਼ ਰੋਗ ਵਿੱਚ ਮਦਦ। ਨੀਬੂ ਜਾਂ ਅਦਰਕ ਨਾਲ ਸ਼ਿਹਦ: ਰੋਗ-ਪ੍ਰਤੀਰੋਧ ਅਤੇ ਸਾਹ ਸਿਹਤ ਵਿੱਚ ਸੁਧਾਰ। ਊਰਜਾ ਪ੍ਰਦਾਨ ਕਰਦਾ ਹੈ ਅਤੇ ਨੀਂਦ ਤੇ ਪੁਨਰ-ਸਥਾਪਨਾ ਵਿੱਚ ਸਹਾਇਕ। ਚਾਹ, ਅਨਾਜ ਅਤੇ ਬੇਕਰੀ ਆਦਿ ਵਿੱਚ ਰਿਵਾਇੰਡ ਚੀਨੀ ਦੀ ਥਾਂ (ਸਾਵਧਾਨੀ ਨਾਲ)। ਮੈਡੀਕਲ-ਗ੍ਰੇਡ ਸ਼ਿਹਦ ਜ਼ਖ਼ਮਾਂ ਦੀ ਸੰਭਾਲ ਵਿੱਚ ਜੀਵਾਣੂ-ਨਾਸ਼ਕ ਗੁਣਾਂ ਕਰਕੇ ਵਰਤਿਆ ਜਾਂਦਾ ਹੈ। ਕੱਚਾ ਜਾਂ ਘੱਟ ਪ੍ਰਕਿਰਿਆ ਕੀਤਾ ਸ਼ਿਹਦ ਵਧੀਆ ਮੰਨਿਆ ਜਾਂਦਾ ਹੈ, ਕਿਉਂਕਿ ਜ਼ਿਆਦਾ ਗਰਮੀ ਨਾਲ ਐਂਜ਼ਾਈਮ ਅਤੇ ਐਂਟੀਆਕਸੀਡੈਂਟ ਗਤੀਵਿਧੀ ਘੱਟ ਸਕਦੀ ਹੈ। ਐਂਟੀਆਕਸੀਡੈਂਟ ਅਤੇ ਜੈਵਿਕ ਸਰਗਰਮ ਤੱਤਾਂ ਦਾ ਕੁਦਰਤੀ ਸਰੋਤ ਰੋਗ-ਪ੍ਰਤੀਰੋਧਕ ਤੰਤ੍ਰ ਨੂੰ ਮਜ਼ਬੂਤ ਕਰਦਾ ਹੈ ਅਤੇ ਸੰਕ੍ਰਮਣ ਦੇ ਜੋਖ਼ਮ ਨੂੰ ਘਟਾਉਂਦਾ ਹੈ। ਜੀਵਾਣੂ-ਨਾਸ਼ਕ ਅਤੇ ਐਂਟੀ-ਇਨਫਲਾਮੇਟਰੀ ਗੁਣ ਰਿਫਾਇੰਡ ਚੀਨੀ ਨਾਲੋਂ ਵਧੀਆ ਗਲਾਈਸੇਮਿਕ ਪ੍ਰਤੀਕਿਰਿਆ, ਜ਼ਖ਼ਮ ਭਰਨ ਅਤੇ ਸਾਹ ਸੰਬੰਧੀ ਬਿਮਾਰੀਆਂ ਵਿੱਚ ਔਸ਼ਧੀ ਸੰਭਾਵਨਾ। ਅਧਿਕ ਸੇਵਨ ਨਾਲ ਵਜ਼ਨ ਵੱਧ ਸਕਦਾ ਹੈ ਅਤੇ ਸ਼ੂਗਰ ਰੋਗੀਆਂ ਵਿੱਚ ਖ਼ੂਨ ਵਿੱਚ ਸ਼ੱਕਰ ਨਿਯੰਤਰਣ ਪ੍ਰਭਾਵਿਤ ਹੋ ਸਕਦਾ ਹੈ। ਵਪਾਰਕ ਸ਼ਿਹਦ ਵਿੱਚ ਕਈ ਵਾਰ ਸਿਰਪ ਦੀ ਮਿਲਾਵਟ ਹੋ ਸਕਦੀ ਹੈ, ਜਿਸ ਨਾਲ ਪੋਸ਼ਿਟਕ ਮੁੱਲ ਘਟਦਾ ਹੈ। ਕਦੇ-ਕਦੇ, ਖ਼ਾਸ ਕਰਕੇ ਪਰਾਗ ਐਲਰਜੀ ਵਾਲਿਆਂ ਵਿੱਚ। ਇਸ ਲਈ, ਸ਼ਿਹਦ ਨੂੰ ਸੰਯਮ ਨਾਲ ਅਤੇ ਭਰੋਸੇਯੋਗ, ਉੱਚ-ਗੁਣਵੱਤਾ ਵਾਲੇ ਸਰੋਤਾਂ ਤੋਂ ਹੀ ਵਰਤਣਾ ਚਾਹੀਦਾ ਹੈ। ਸ਼ਿਹਦ ਸਿਰਫ਼ ਇੱਕ ਕੁਦਰਤੀ ਮਿੱਠਾਸ ਨਹੀਂ, ਬਲਕਿ ਵਿਗਿਆਨਕ ਤੌਰ 'ਤੇ ਪ੍ਰਮਾਣਿਤ ਫੰਕਸ਼ਨਲ ਭੋਜਨ ਹੈ, ਜਿਸ ਦੀ ਇਲਾਜ਼ ਪ੍ਰਣਾਲੀ ਵਿੱਚ ਮਹੱਤਤਾ ਕਾਫ਼ੀ ਵੱਡੀ ਹੈ। ਰੋਗ-ਪ੍ਰਤੀਰੋਧਕ ਪ੍ਰਤਿਕਿਰਿਆਵਾਂ ਨੂੰ ਮਜ਼ਬੂਤ ਕਰਨਾ, ਪਾਚਨ ਸਿਹਤ ਦਾ ਸਮਰਥਨ ਕਰਨਾ, ਜੀਵਾਣੂਆਂ ਨਾਲ ਲੜਨਾ ਅਤੇ ਆਕਸੀਡੇਟਿਵ ਤਣਾਅ ਘਟਾਉਣਾ—ਇਹ ਸਭ ਗੁਣ ਸ਼ਿਹਦ ਨੂੰ ਰੋਕਥਾਮੀ ਪੋਸ਼ਣ ਅਤੇ ਸਮੂਹਕ ਸਿਹਤ ਸੰਭਾਲ ਵਿੱਚ ਇੱਕ ਕੀਮਤੀ ਸਹਾਇਕ ਬਣਾਉਂਦੇ ਹਨ। ਹਾਲਾਂਕਿ ਇਹ ਇਲਾਜ਼ ਇਲਾਜ ਦਾ ਬਦਲ ਨਹੀਂ, ਪਰ ਸੰਜਮ ਅਤੇ ਜਾਣਕਾਰੀ ਨਾਲ ਕੀਤਾ ਗਿਆ ਉਪਯੋਗ ਕੁੱਲ ਸਿਹਤ ਵਿੱਚ ਮਹੱਤਵਪੂਰਨ ਯੋਗਦਾਨ ਪਾ ਸਕਦਾ ਹੈ।

**ਡਾ. ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ**
**ਸ੍ਰੀ ਅੰਮ੍ਰਿਤਸਰ ਸਾਹਿਬ ਪੰਜਾਬ।**

# ਪੰਜਾਬ ਦੀ ਚੜ੍ਹਦੀ ਕਲਾ ਅਤੇ ਭਲਾਈ ਲਈ ਸੁਖਮਨੀ ਸਾਹਿਬ ਪਾਠ ਨਾਲ "ਗੱਲ ਪੰਜਾਬ ਦੀ" ਦੀ ਅਰਥਪੂਰਨ ਸ਼ੁਰੂਆਤ

## ਕਰਨੈਲ ਸਿੰਘ ਪੀਰ ਮੁਹੰਮਦ, ਅਜੈ ਪਾਲ ਸਿੰਘ ਬਰਾੜ ਅਤੇ ਚੇਅਰਮੈਨ ਚਰਨ ਕਮਲ ਕੌਰ ਨੇ ਪੰਜਾਬ ਦੇ ਸੁਨਹਿਰੀ ਭਵਿੱਖ ਲਈ ਵਿੱਢੀ ਮੁਹਿੰਮ










ਚੰਡੀਗੜ੍ਹ, 10 ਫਰਵਰੀ (ਆਵਾਜ਼ਿ ਕੌਮ ਬਿਊਰੋ)– ਪੰਜਾਬ ਦੀ ਖੁਸ਼ਹਾਲੀ, ਭਾਈਚਾਰਕ ਸਾਂਝ ਅਤੇ ਚੜ੍ਹਦੀ ਕਲਾ ਲਈ ਗੁਰੂ ਸਾਹਿਬ ਜੀ ਦੇ ਓਟ ਆਸਰੇ ਨਾਲ ਅੱਜ "ਗੱਲ ਪੰਜਾਬ ਦੀ" ਮੰਚ ਵੱਲੋਂ ਇੱਕ ਵਿਸ਼ੇਸ਼ ਸਮਾਗਮ ਗੁਰਦੁਆਰਾ ਗੁਰ ਸਾਗਰ ਸਾਹਿਬ, ਚੰਡੀਗੜ੍ਹ ਵਿਖੇ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਸੁਖਮਨੀ ਸਾਹਿਬ ਜੀ ਦੇ ਪਾਠ ਨਾਲ ਹੋਈ, ਜਿਸ ਵਿੱਚ ਪੂਰੇ ਪੰਜਾਬ ਦੀ ਤਰੱਕੀ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਇਸ ਮੌਕੇ ਮੰਚ ਦੀ ਚੇਅਰਮੈਨ ਬੀਬੀ ਚਰਨ ਕਮਲ ਕੌਰ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ "ਗੱਲ ਪੰਜਾਬ ਦੀ" ਇੱਕ ਅਜਿਹਾ ਪਲੇਟਫਾਰਮ ਹੈ ਜਿੱਥੇ ਪੰਜਾਬ ਦੇ ਦਰਦ ਨੂੰ ਸਮਝਣ ਅਤੇ ਸੁਲਝਾਉਣ ਵਾਲੇ ਲੋਕ ਇਕੱਠੇ ਹੋਏ ਹਨ। ਉਨ੍ਹਾਂ ਕਿਹਾ ਕਿ ਸਾਡਾ ਮਕਸਦ ਸਿਰਫ਼ ਸਮੱਸਿਆਵਾਂ ਗਿਣਾਉਣਾ ਨਹੀਂ, ਬਲਕਿ ਸਮਾਜ ਦੇ ਹਰ ਵਰਗ ਨੂੰ ਨਾਲ ਲੈ ਕੇ ਹੱਲ-ਕੇਂਦਰਿਤ ਗੱਲਬਾਤ ਸ਼ੁਰੂ ਕਰਨਾ ਹੈ। ਸਮਾਗਮ ਨੂੰ ਸੰਬੋਧਨ ਕਰਦਿਆਂ ਸਿੱਖ ਚਿੰਤਕ ਸ. ਅਜੈ ਪਾਲ ਸਿੰਘ ਬਰਾੜ ਨੇ ਕਿਹਾ ਕਿ ਪੰਜਾਬ ਦੇ ਕੁਦਰਤੀ ਸਰੋਤਾਂ ਦੀ ਲੁੱਟ ਅਤੇ ਕੇਂਦਰੀ ਵਿਤਕਰੇ ਵਿਰੁੱਧ ਇੱਕ ਮਜ਼ਬੂਤ ਅਤੇ ਪਹਿਰੇਦਾਰ ਲੀਡਰਸ਼ਿਪ ਦੀ ਸਖ਼ਤ ਲੋੜ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਹੋਂਦ ਨੂੰ

ਆਵਾਜ਼ਿ ਕੌਮ
AWAZE QAUM
International Newspaper & WEB TV

ਬਚਾਉਣ ਲਈ ਸਾਨੂੰ ਸੌੜੀ ਸਿਆਸਤ ਤੋਂ ਉੱਪਰ ਉੱਠਣਾ ਪਵੇਗਾ। ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਸਰਦਾਰ ਸ. ਕਰਨੈਲ ਸਿੰਘ ਪੀਰ ਮੁਹੰਮਦ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਇਹ ਇੱਕ ਵਿਚਾਰ-ਕੇਂਦਰਿਤ ਲੋਕ ਅੰਦੋਲਨ ਹੈ। ਉਨ੍ਹਾਂ ਨੌਜਵਾਨੀ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਦੇ ਭਵਿੱਖ ਦੀ ਵਾਗਡੋਰ ਸੰਭਾਲਣ ਲਈ ਅੱਗੇ ਆਉਣ ਸਨਮਾਨ ਸਮਾਰੋਹ: ਚੇਅਰਮੈਨ ਚਰਨ ਕਮਲ ਕੌਰ ਦੀ ਅਗਵਾਈ ਹੇਠ ਸਮਾਜ ਦੇ ਵੱਖ-ਵੱਖ ਖੇਤਰਾਂ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਸਾਂਝਾ ਸੰਦੇਸ਼: ਬੁਲਾਰਿਆਂ ਨੇ ਨੌਜਵਾਨਾਂ ਦੀ ਬੇਰੋਜ਼ਗਾਰੀ, ਨਸ਼ਿਆਂ ਦੀ ਸਮੱਸਿਆ ਅਤੇ ਖੇਤੀ ਸੰਕਟ ਨੂੰ ਹੱਲ ਕਰਨ ਲਈ ਲੋਕਾਂ ਦੀ ਭਾਗੀਦਾਰੀ ਅਤੇ ਸਾਂਝੀ ਸੋਚ 'ਤੇ ਜ਼ੋਰ ਦਿੱਤਾ। ਕੇਂਦਰੀ ਵਿਤਕਰਾ: ਦੇਸ਼ ਦੀ ਤਰੱਕੀ ਵਿੱਚ ਪੰਜਾਬ ਦੇ ਯੋਗਦਾਨ ਨੂੰ ਅਣਡਿੱਠ ਕੀਤੇ ਜਾਣ ਅਤੇ ਰਾਜਧਾਨੀ ਦੇ ਮਸਲੇ ਵਰਗੀਆਂ ਚੁਣੌਤੀਆਂ 'ਤੇ ਗੰਭੀਰ ਚਿੰਤਾ ਜਾਹਿਰ ਕੀਤੀ ਗਈ। ਅਖੀਰ ਵਿੱਚ ਸਮੂਹ ਆਯੋਜਕਾਂ ਨੇ ਕਿਹਾ ਕਿ ਇਹ ਸਿਰਫ਼ ਇੱਕ ਸਮਾਗਮ ਨਹੀਂ, ਸਗੋਂ ਪੂਰੇ ਪੰਜਾਬ ਵਿੱਚ ਸ਼ੁਰੂ ਹੋਣ ਵਾਲੇ ਇੱਕ ਵੱਡੇ ਸੰਵਾਦ ਦਾ ਪਹਿਲਾ ਕਦਮ ਹੈ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਪ੍ਰੋ ਮਨਜੀਤ ਸਿੰਘ ਜੀ ਅਤੇ ਸੰਤ ਬਾਬਾ ਪ੍ਰਿਤਪਾਲ ਸਿੰਘ ਜੀ ਨੇ ਸੰਤ ਅਨੂਪ ਸਿੰਘ ਊਨਾ ਸਾਹਿਬ ਵਾਲਿਆਂ ਦਾ ਸਨਮਾਨ ਵੀ ਕੀਤਾ ।

# ਹਰਿਆਣਾ ਕਮੇਟੀ ਦਾ ਝੀਂਡਾ ਵੱਲੋਂ 10 ਫਰਵਰੀ ਨੂੰ ਸੱਦਿਆ ਜਰਨਲ ਇਜਲਾਸ ਮੈਂਬਰਾਂ ਦੇ ਨਾਂ ਆਉਣ ਕਾਰਨ ਹੋਇਆ ਫੇਲ









ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਦਫਤਰ ਕੁਰੂਕਸ਼ੇਤਰ ਵਿਖੇ ਜਗਦੀਸ਼ ਸਿੰਘ ਝੀਂਡਾ ਵੱਲੋਂ ਅੱਜ ਅੰਤ੍ਰਿੰਗ ਕਮੇਟੀ ਵਿੱਚ ਆਪਣੇ ਵਿਚਾਰਧਾਰਕ ਵਿਰੋਧੀ ਮੈਂਬਰਾਂ ਨੂੰ ਸਸਪੈਂਡ ਕਰਨ ਵਾਸਤੇ ਜਰਨਲ ਇਜਲਾਸ ਰੱਖਿਆ ਹੋਇਆ ਸੀ ਜਿਸ ਦਾ ਟਾਈਮ 10 ਫਰਵਰੀ ਸਵੇਰੇ 12 ਵਜੇ ਦਾ ਸੀ ਪਰ ਝੀਂਡਾ ਦੇ ਸੱਦੇ ਉੱਪਰ 12 ਵਜੇ ਤੱਕ ਕੁਰੂਕਸ਼ੇਤਰ ਮੁੱਖ ਦਫ਼ਤਰ ਦੀਵਾਨ ਹਾਲ ਵਿਖੇ ਇੱਕ ਵੀ ਮੈਂਬਰ ਨਹੀਂ ਪੁੱਜਿਆ ਜਿਸ ਤੇ ਝੀਂਡਾ ਨੇ ਜਰਨਲ ਇਜਲਾਸ ਵਿੱਚ ਕੋਰਮ ਪੂਰਾ ਨਾ ਹੁੰਦਾ ਵੇਖ ਕੇ 12 ਵਜੇ ਜਰਨਲ ਇਜਲਾਸ ਕੈਂਸਲ ਕਰਨ ਦਾ ਐਲਾਨ ਕਰ ਦਿੱਤਾ ਹਰਿਆਣਾ ਕਮੇਟੀ ਦੇ ਮੁੱਖ ਦਫ਼ਤਰ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਕੁਰੂਕਸ਼ੇਤਰ ਵਿਖੇ ਇਨਾਂ ਵਿਚਾਰਾਂ ਦਾ ਪ੍ਰਗਟਾਵਾ ਮੀਡੀਆ ਨਾਲ ਅੱਜ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸਰਦਾਰ ਗੁਰਮੀਤ ਸਿੰਘ ਰਾਮਸਰ,ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ,ਸਰਦਾਰ ਦੀਦਾਰ ਸਿੰਘ ਨਲਵੀ ਸੀਨੀਅਰ ਮੈਂਬਰ ਤੇ ਸਾਥੀਆਂ ਨੇ ਕੀਤਾ ਉਨਾਂ ਨੇ ਕਿਹਾ ਕੇ ਜਗਦੀਸ਼ ਸਿੰਘ ਝੀਂਡਾ ਹਰ ਫਰੰਟ ਤੇ ਫੇਲ ਹੋ ਚੁੱਕਾ ਹੈ ਗੁਰਦੁਆਰਿਆਂ ਦੇ ਪ੍ਰਬੰਧ ਅਤੇ ਧਰਮ ਪ੍ਰਚਾਰ ਨੂੰ ਚਲਾਉਣ ਵਿੱਚ ਨਿਕੰਮਾ ਸਾਬਿਤ ਹੋਇਆ ਹੈ ਉਲਟਾ ਹਰਿਆਣਾ ਕਮੇਟੀ ਐਕਟ ਨੂੰ ਕਮਜ਼ੋਰ ਕਰਨ ਵਾਸਤੇ ਹਰਿਆਣਾ ਸਰਕਾਰ ਨੂੰ ਚਿੱਠੀਆਂ ਲਿਖ ਰਿਹਾ ਹੈ ਕੇ ਐਕਟ ਵਿੱਚ ਸੋਧ ਕਰ ਦਿੱਤੀ ਜਾਵੇ ਅਹੁਦੇਦਾਰ ਸਾਹਿਬਾਨਾਂ ਨੇ ਕਿਹਾ ਕੇ ਝੀਂਡਾ ਚਾਹੁੰਦਾ ਹੈ ਕਿ ਉਸ ਨੂੰ ਗੁਰਦੁਆਰੇ ਦੀਆਂ ਗੋਲਕਾਂ ਖਜ਼ਾਨੇ ਦੀ ਚਾਬੀ

ਆਵਾਜ਼ਿ ਕੌਮ
AWAZE QAUM
International Newspaper & WEB TV

ਸੌਂਪ ਦਿੱਤੀ ਜਾਵੇ ਤੇ ਬਾਕੀ 48 ਮੈਂਬਰ ਆਪਣੇ ਘਰਾਂ ਵਿੱਚ ਬੈਠਣ ਤੇ ਝੀਂਡਾ ਖੁਦ ਡਿਕਟੇਟਰ ਬਣ ਕੇ ਗੁਰੂ ਕੇ ਖਜ਼ਾਨੇ ਦੀ ਦੁਰਵਰਤੋਂ ਕਰ ਸਕੇ ਉਕਤ ਅਹੁਦੇਦਾਰ ਸਾਹਿਬਾਨਾਂ ਨੇ ਕਿਹਾ ਕੇ ਹੁਣ ਤਾਂ ਝੀਂਡਾ ਦੇ ਪਿੰਡ ਵਿੱਚੋਂ ਹੀ ਬਗਾਵਤ ਉੱਠ ਖੜੀ ਹੋਈ ਹੈ ਰਤਕ ਝੀਂਡਾ ਪਿੰਡ ਦੇ ਹੀ ਇੱਕ ਬਜ਼ੁਰਗ ਵੱਲੋਂ ਕਿਹਾ ਗਿਆ ਕੇ ਝੀਂਡੇ ਨੇ ਤਾਂ ਅੰਮ੍ਰਿਤ ਵੀ ਨਹੀਂ ਛਕਿਆ ਉਸਨੂੰ ਪ੍ਰਧਾਨ ਕਹਾਉਣ ਤਾਂ ਕੀ ਅੰਮ੍ਰਿਤਧਾਰੀ ਸਿੱਖ ਕਹਾਉਣ ਦਾ ਵੀ ਅਧਿਕਾਰ ਨਹੀਂ ਹੈ ਅਤੇ ਝੀਂਡਾ ਪਿੰਡ ਦੇ ਹੀ ਕੁਝ ਸੱਜਣਾਂ ਨੇ ਕਿਹਾ ਕਿ ਝੀਡਾਂ ਨੂੰ ਕੋਈ ਗੱਡੀ ਰਤਕ ਝੀਂਡਾ ਪਿੰਡ ਦੇ ਲੋਕਾਂ ਨੇ ਨਹੀਂ ਲੈਕੇ ਦਿੱਤੀ ਇਹ ਝੂਠ ਬੋਲ ਕੇ ਸੰਗਤਾਂ ਨੂੰ ਗੁੰਮਰਾਹ ਕਰ ਰਿਹਾ ਹੈ ਇਹੋ ਜਹੇ ਝੂਠੇ ਫਰੇਬੀ ਵਿਅਕਤੀ ਨੂੰ ਪ੍ਰਧਾਨਗੀ ਪਦ ਤੇ ਬਣੇ ਰਹਿਣ ਦਾ ਕੋਈ ਅਧਿਕਾਰ ਨਹੀਂ ਹੈ ਇਸ ਲਈ ਨੈਤਿਕਤਾ ਦੇ ਆਧਾਰ ਤੇ ਖੁਦ ਝੀਂਡਾ ਨੂੰ ਅਸਤੀਫਾ ਦੇ ਦੇਣਾ ਚਾਹੀਦਾ ਹੈ ਨਹੀਂ ਤਾਂ ਸਾਰੇ ਮੈਂਬਰ ਸਾਹਿਬਾਨਾਂ ਨੂੰ ਇਕੱਠੇ ਹੋ ਕੇ ਝੀਂਡੇ ਨੂੰ ਸੇਵਾ ਮੁਕਤ ਕਰਕੇ ਘਰ ਤੋਰਨਾ ਚਾਹੀਦਾ ਹੈ ਇਹ ਵਿਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 17 ਮੈਂਬਰ ਸਾਹਿਬਾਨਾਂ ਵੱਲੋਂ ਇਕੱਠੇ ਹੋ ਕੇ ਪਹਿਲਾਂ ਵੀ ਪ੍ਰਗਟ ਕੀਤੇ ਜਾ ਚੁੱਕੇ ਹਨ ਜਿਨਾਂ ਵਿੱਚੋਂ ਅੱਜ ਉਪਰੋਕਤ ਤੋਂ ਇਲਾਵਾ ਸਰਦਾਰ ਗੁਰਬੀਰ ਸਿੰਘ ਤਲਾਕੌਰ ਜੂਨੀਅਰ ਮੀਤ ਪ੍ਰਧਾਨ,ਸਰਦਾਰ ਜਗਤਾਰ ਸਿੰਘ ਮਾਨ ਅੰਤ੍ਰਿੰਗ ਮੈਂਬਰ,ਸਰਦਾਰ ਤਜਿੰਦਰਪਾਲ ਸਿੰਘ ਨਾਰਨਾਲ ਅੰਤ੍ਰਿੰਗ ਮੈਂਬਰ,ਜਥੇਦਾਰ ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ,ਕੈਪਟਨ ਦਿਲਬਾਗ ਸਿੰਘ ਸਜ਼ਾਦਪੁਰ ਮੈਂਬਰ,ਸਰਦਾਰ ਗੁਰਤੇਜ ਸਿੰਘ ਅੰਬਾਲਾ ਮੈਂਬਰ,ਜਥੇਦਾਰ ਬਲਦੇਵ ਸਿੰਘ ਹਾਬੜੀ ਮੈਂਬਰ,ਬੀਬੀ ਕਰਤਾਰ ਕੌਰ ਸ਼ਾਹਬਾਦ ਮਾਰਕੰਡਾ ਮੈਂਬਰ,ਬੀਬੀ ਕਪੂਰ ਕੌਰ ਸੌਂਕੜਾ ਮੈਂਬਰ,ਸਰਦਾਰ ਰਜਿੰਦਰ ਸਿੰਘ ਬਰਾੜਾ ਮੈਂਬਰ,ਸਰਦਾਰ ਗੁਰਪਾਲ ਸਿੰਘ ਗੋਰਾ ਐਲਨਾਬਾਦ ਮੈਂਬਰ,ਸਰਦਾਰ ਸੁਖਵਿੰਦਰ ਸਿੰਘ ਮੰਡੇਬਰ ਸਾਬਕਾ ਜਨਰਲ ਸਕੱਤਰ ਵੀ ਹਾਜ਼ਰ ਸਨ ।